SWITCH INSURANCE
AUTO, HOME & COMMERCIAL
- Commercial Vehicle Insurance
- Commercial Property Insurance
- Commercial General Liability (CGL)
- Rental Property
905-965-7474
www.SwitchInsurance.ca
7900 Hurontario St Suite 308, Brampton, ON L6Y 0P6

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public
- Immigration
- Real Estate
- Commercial Law
- Affidavit
- Power of Attorney
Rakesh M. Joshi B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit punjabipost.ca/epaper | Vol 22* Issue 127 | Monday, July 03, 2023 | Tel: 905-793-2202 | Fax: 905-793-2282 | news@punjabipost.ca ਤੁਸੀਂ 'ਪੰਜਾਬੀ ਪੋਸਟ' Online ਰੋਜ਼ਾਨਾ ਪੜ੍ਹ ਸਕਦੇ ਹੋ

## ਮਿਸੀਸਾਗਾ ਵਿੱਚ ਚੱਲੀ ਗੋਲੀ, ਚਾਰ ਜ਼ਖ਼ਮੀ



ਮਿਸੀਸਾਗਾ, 2 ਜੁਲਾਈ (ਪੋਸਟ ਬਿਊਰੋ) : ਸ਼ਨਿੱਚਰਵਾਰ ਰਾਤ ਨੂੰ ਮਿਸੀਸਾਗਾ ਵਿੱਚ ਵਾਪਰੀ ਸ਼ੂਟਿੰਗ ਦੀ ਘਟਨਾ ਵਿੱਚ ਚਾਰ ਵਿਅਕਤੀ ਜ਼ਖ਼ਮੀ ਹੋ ਗਏ ਤੇ ਪੁਲਿਸ ਵੱਲੋਂ ਮਸ਼ਕੂਕਾਂ ਦੀ ਭਾਲ ਕੀਤੀ ਜਾ ਰਹੀ ਹੈ।

ਜਾਂਚਕਾਰਾਂ ਨੂੰ ਗੋਲੀਆਂ ਚੱਲਣ ਦੀਆਂ ਰਿਪੋਰਟਾਂ ਦੇ ਕੇ ਸ਼ਾਮੀਂ 6:30 ਵਜੇ ਦੇ ਨੇੜੇ ਤੇੜੇ ਸਟੈਨਫੀਲਡ ਰੋਡ ਦੇ ਪੂਰਬ ਵਿੱਚ ਕੁਈਨਜ਼ਵੇਅ ਈਸਟ ਉੱਤੇ ਸਥਿਤ ਇੰਡਸਟਰੀਅਲ ਕਾਂਪਲੈਕਸ ਵਿੱਚ ਸੱਦਿਆ ਗਿਆ। ਜਦੋਂ ਪੁਲਿਸ ਮੌਕੇ ਉੱਤੇ ਪਹੁੰਚੀ ਤਾਂ ਉਨ੍ਹਾਂ ਨੂੰ ਤਿੰਨ ਵਿਅਕਤੀ ਗੋਲੀਆਂ ਲੱਗਣ ਕਾਰਨ ਜ਼ਖ਼ਮੀ ਹਾਲਤ ਵਿੱਚ ਮਿਲੇ।ਉਨ੍ਹਾਂ ਨੂੰ ਨੇੜਲੇ ਟਰੌਮਾ ਸੈਂਟਰ ਲਿਜਾਇਆ ਗਿਆ। ਇੱਕ ਦੀ ਹਾਲਤ ਨਾਜ਼ੁਕ ਦੱਸੀ ਜਾਂਦੀ ਹੈ ਜਦਕਿ ਦੋ ਹੋਰਨਾਂ ਦੀ ਹਾਲਤ ਸਥਿਰ ਦੱਸੀ ਜਾਂਦੀ ਹੈ।

ਚੌਥਾ ਵਿਅਕਤੀ ਗੋਲੀ ਲੱਗਣ ਕਾਰਨ ਆਪ ਹੀ ਲੋਕਲ ਹਸਪਤਾਲ ਇਲਾਜ ਲਈ ਜਾ ਪਹੁੰਚਿਆ। ਉਸ ਦੀ ਹਾਲਤ ਵੀ ਸਥਿਰ ਦੱਸੀ ਜਾਂਦੀ ਹੈ।ਪੁਲਿਸ ਵੱਲੋਂ ਹਾਸਲ ਕੀਤੀ ਗਈ ਵੀਡੀਓ ਫੁਟੇਜ ਤੋਂ ਘਟਨਾ ਵਾਲੀ ਥਾਂ ਉੱਤੇ ਇੱਕ ਚਿੱਟੇ ਰੰਗ ਦਾ ਰੈਮ 1500 ਪਿੱਕ ਅੱਪ ਟਰੱਕ ਨਜ਼ਰ ਆ ਰਿਹਾ ਹੈ, ਉਸ ਨੂੰ ਮੌਕੇ ਤੋਂ ਤੇਜ਼ੀ ਨਾਲ ਜਾਂਦਿਆਂ ਵੀ ਵੇਖਿਆ ਗਿਆ। ਬਾਅਦ ਵਿੱਚ ਉਹ ਕੈਲਡਨ ਤੋਂ ਮਿਲ ਗਿਆ ਤੇ ਪੁਲਿਸ ਨੇ ਦੱਸਿਆ ਕਿ ਉਹ ਖਾਲੀ ਸੀ।

ਹਾਲ ਦੀ ਘੜੀ ਕਿਸੇ ਮਸ਼ਕੂਕ ਸਬੰਧੀ ਕੋਈ ਵੇਰਵਾ ਜਾਰੀ ਨਹੀਂ ਕੀਤਾ ਗਿਆ ਹੈ ਪਰ ਪੁਲਿਸ ਦਾ ਕਹਿਣਾ ਹੈ ਕਿ ਇਹ ਹਮਲਾ ਪੂਰੀ ਪਲੈਨਿੰਗ ਨਾਲ ਕੀਤਾ ਗਿਆ ਤੇ ਆਮ ਜਨਤਾ ਨੂੰ ਇਸ ਨਾਲ ਕੋਈ ਖਤਰਾ ਨਹੀਂ ਹੈ।

## ਹਾਦਸੇ ਵਿੱਚ 10 ਸਾਲਾ ਬੱਚੀ ਹਲਾਕ, 4 ਹੋਰ ਜ਼ਖ਼ਮੀ



ਮਾਂਟਰੀਅਲ, 2 ਜੁਲਾਈ (ਪੋਸਟ ਬਿਊਰੋ) : ਮਾਂਟਰੀਅਲ ਤੋਂ 70 ਕਿਲੋਮੀਟਰ ਦੱਖਣਪੱਛਮ ਵੱਲ ਹਾਈਵੇਅ 20 ਉੱਤੇ ਹੈਵੀ ਟਰੱਕ ਤੇ ਗੱਡੀ ਦੀ ਟੱਕਰ ਵਿੱਚ 10 ਸਾਲਾ ਬੱਚੀ ਦੀ ਮੌਤ ਹੋ ਗਈ।

ਉਹ ਇਸ ਹਾਦਸੇ ਵਿੱਚ ਗੰਭੀਰ ਰੂਪ ਵਿੱਚ ਜ਼ਖ਼ਮੀ ਹੋਏ ਤਿੰਨ ਬੱਚਿਆਂ ਤੇ ਦੋ ਬਾਲਗਾਂ ਵਿੱਚੋਂ ਇੱਕ ਸੀ। ਬਾਕੀ ਸਾਰੇ ਹਸਪਤਾਲ ਵਿੱਚ ਜੇਰੇ ਇਲਾਜ ਹਨ ਤੇ ਉਨ੍ਹਾਂ ਦੀ ਸਥਿਤੀ ਨਾਜ਼ੁਕ ਬਣੀ ਹੋਈ ਹੈ। ਹਾਦਸੇ ਤੋਂ ਬਾਅਦ ਸਵੇਰੇ 10:45 ਦੇ ਨੇੜੇ ਤੇੜੇ ਫਰਸਟ ਰਿਸਪਾਂਡਰਜ਼ ਨੂੰ ਸੇਂਟ ਜ਼ੋਟਿਕ, ਕਿਊਬਿਕ ਨੇੜੇ ਸੱਦਿਆ ਗਿਆ। ਪ੍ਰੋਵਿੰਸ਼ੀਅਲ ਪੁਲਿਸ ਅਨੁਸਾਰ ਇੱਕ ਹੈਵੀ ਟਰੱਕ ਗੱਡੀ ਨਾਲ ਟਕਰਾ ਗਿਆ। ਗੱਡੀ ਵਿੱਚ ਪੰਜ ਲੋਕ ਸਵਾਰ ਸਨ। ਟਰੱਕ ਦੇ ਡਰਾਈਵਰ ਨੂੰ ਕੋਈ ਸੱਟ ਫੇਟ ਨਹੀਂ ਲੱਗੀ।

ਦਿਨ ਵੇਲੇ ਹਾਦਸੇ ਵਾਲੀ ਥਾਂ ਤੋਂ ਕੁੱਝ ਦੂਰੀ ਉੱਤੇ ਇੱਕ ਹੋਰ ਡਰਾਈਵਰ ਗੱਡੀ ਤੋਂ ਆਪਣਾ ਕੰਟਰੋਲ ਗੁਆ ਬੈਠਿਆ। ਉਸ ਹਾਦਸੇ ਕਾਰਨ ਟਰੈਫਿਕ ਦੀ ਰਫਤਾਰ ਕਾਫੀ ਮੱਠੀ ਪੈ ਗਈ। ਪੁਲਿਸ ਨੇ ਆਖਿਆ ਕਿ ਹੋ ਸਕਦਾ ਹੈ ਕਿ ਇਸ ਕਰਕੇ ਹੀ ਇਹ ਘਾਤਕ ਹਾਦਸਾ ਹੋਇਆ ਹੋਵੇ। ਪੁਲਿਸ ਵੱਲੋਂ ਜਾਰੀ ਕੀਤੀ ਗਈ ਪ੍ਰੈੱਸ ਰਲੀਜ਼ ਅਨੁਸਾਰ ਹੈਵੀ ਟਰੱਕ ਦਾ ਡਰਾਈਵਰ ਸਮਾਂ ਰਹਿੰਦਿਆਂ ਟਰੱਕ ਨੂੰ ਰੋਕ ਨਹੀਂ ਸਕਿਆ ਤੇ ਇਸ ਲਈ ਹਾਦਸਾ ਵਾਪਰਿਆ। ਹਾਲ ਦੀ ਘੜੀ ਕਿਸੇ ਨੂੰ ਗ੍ਰਿਫਤਾਰ ਨਹੀਂ ਕੀਤਾ ਗਿਆ ਹੈ।

## 5 ਜੁਲਾਈ ਨੂੰ ਗਰੌਸਰੀ ਰਿਬੇਟ ਅਦਾਇਗੀ ਜਾਰੀ ਕਰੇਗੀ ਕੈਨੇਡਾ ਰੈਵਨਿਊ ਏਜੰਸੀ



ਓਟਵਾ, 2 ਜੁਲਾਈ (ਪੋਸਟ ਬਿਊਰੋ) : ਕੈਨੇਡਾ ਰੈਵਨਿਊ ਏਜੰਸੀ (ਸੀਆਰਏ) ਵੱਲੋਂ ਯੋਗ ਕੈਨੇਡੀਅਨਜ਼ ਨੂੰ 5 ਜੁਲਾਈ ਨੂੰ ਗਰੌਸਰੀ ਰਿਬੇਟ ਅਦਾਇਗੀ ਕੀਤੀ ਜਾ ਰਹੀ ਹੈ। ਇਸ ਦਾ ਵਾਅਦਾ ਸਰਕਾਰ ਵੱਲੋਂ ਲੰਮੇਂ ਸਮੇਂ ਤੋਂ ਕੀਤਾ ਗਿਆ ਸੀ।

ਪਾਰਲੀਆਮੈਂਟ ਵੱਲੋਂ ਕਈ ਮਹੀਨੇ ਪਹਿਲਾਂ ਇੱਕਮੁਸ਼ਤ ਦਿੱਤੇ ਜਾਣ ਵਾਲੇ ਇਸ ਬਿੱਲ ਨੂੰ ਪਾਸ ਕਰ ਦਿੱਤਾ ਗਿਆ ਸੀ। ਬੁੱਧਵਾਰ ਨੂੰ ਇਹ ਪੇਅਮੈਂਟਸ ਕੈਨੇਡੀਅਨਜ਼ ਦੇ ਬੈਂਕ ਖਾਤਿਆਂ ਵਿੱਚ ਜਮ੍ਹਾਂ ਹੋਣੀਆਂ ਸ਼ੁਰੂ ਹੋ ਜਾਣਗੀਆਂ। ਇਹ ਅਦਾਇਗੀ ਸੀਐਸਟੀ/ਐਚਐਸਟੀ ਟੈਕਸ ਕ੍ਰੈਡਿਟ ਸਿਸਟਮ ਰਾਹੀਂ ਜਾਰੀ ਕੀਤੀ ਜਾਵੇਗੀ ਤੇ ਇਹ ਨਿਯਮਿਤ ਕੁਆਰਟਰਲੀ ਜੀਐਸਟੀ/ਐਚਐਸਟੀ ਅਦਾਇਗੀਆਂ ਦੇ ਨਾਲ ਹੀ ਹੋਵੇਗੀ।ਖਾਣ-ਪੀਣ ਦੀਆਂ ਚੀਜ਼ਾਂ ਵਿੱਚ ਮਹਿੰਗਾਈ ਵੱਧ ਜਾਣ ਕਾਰਨ ਹੀ ਸਰਕਾਰ ਨੂੰ ਇਹ ਫੈਸਲਾ ਕਰਨਾ ਪਿਆ।

ਜਿਨ੍ਹਾਂ ਵਿਅਕਤੀਆਂ ਤੇ ਪਰਿਵਾਰਾਂ ਵੱਲੋਂ ਆਪਣੀ ਤਾਜ਼ਾ ਟੈਕਸ ਰਿਟਰਨ ਭਰਵਾਈ ਗਈ ਹੋਵੇਗੀ ਉਨ੍ਹਾਂ ਨੂੰ ਹੀ ਇਹ ਛੋਟ ਦਿੱਤੀ ਜਾਵੇਗੀ। ਇਹ ਛੋਟ ਜਨਵਰੀ 2023 ਲਈ ਮਿਲੇਗੀ। ਇਹ ਰਕਮ ਹਰੇਕ ਪਰਿਵਾਰ ਦੇ ਹਾਲਾਤ ਨੂੰ ਧਿਆਨ ਵਿੱਚ ਰੱਖਕੇ ਤੇ ਪਰਿਵਾਰਕ ਆਮਦਨ ਨੂੰ ਧਿਆਨ ਵਿੱਚ ਰੱਖਕੇ ਦਿੱਤੀ ਜਾ ਰਹੀ ਹੈ। ਮਿਸਾਲ ਵਜੋਂ ਜੇ ਤੁਸੀਂ ਇੱਕਲੇ ਹੋ ਤਾਂ ਤੁਹਾਨੂੰ ਹੇਠ ਲਿਖੇ ਅਨੁਸਾਰ ਰਕਮ ਮਿਲੇਗੀ :

- ਤੁਹਾਡੇ ਕੋਲ ਕੋਈ ਬੱਚਾ ਨਹੀਂ ਹੈ ਤਾਂ ਤੁਹਾਨੂੰ 234 ਡਾਲਰ ਮਿਲਣਗੇ
- ਤੁਹਾਡੇ ਕੋਲ ਇੱਕ ਬੱਚਾ ਹੈ ਤਾਂ ਤੁਹਾਨੂੰ 387 ਡਾਲਰ ਮਿਲਣਗੇ
- ਤੁਹਾਡੇ ਕੋਲ ਦੋ ਬੱਚੇ ਹਨ ਤਾਂ ਤੁਹਾਨੂੰ 467 ਡਾਲਰ ਮਿਲਣਗੇ
- ਤੁਹਾਡੇ ਕੋਲ ਤਿੰਨ ਬੱਚੇ ਹਨ ਤਾਂ ਤੁਹਾਨੂੰ 548 ਡਾਲਰ ਮਿਲਣਗੇ
- ਤੁਹਾਡੇ ਕੋਲ ਚਾਰ ਬੱਚੇ ਹਨ ਤਾਂ ਤੁਹਾਨੂੰ 628 ਡਾਲਰ ਮਿਲਣਗੇ

ਜੇ ਤੁਸੀਂ ਵਿਆਹੇ ਹੋਏ ਹੋ ਜਾਂ ਤੁਹਾਡਾ ਕਾਮਨ ਲਾਅ ਪਾਰਟਨਰ ਹੈ ਤਾਂ ਤੁਹਾਨੂੰ :

- ਤੁਹਾਡੇ ਕੋਲ ਕੋਈ ਬੱਚਾ ਨਹੀਂ ਹੈ ਤਾਂ ਤੁਹਾਨੂੰ 306 ਡਾਲਰ ਮਿਲਣਗੇ
- ਤੁਹਾਡੇ ਕੋਲ ਇੱਕ ਬੱਚਾ ਹੈ ਤਾਂ ਤੁਹਾਨੂੰ 387 ਡਾਲਰ ਮਿਲਣਗੇ
- ਤੁਹਾਡੇ ਕੋਲ ਦੋ ਬੱਚੇ ਹਨ ਤਾਂ ਤੁਹਾਨੂੰ 467 ਡਾਲਰ ਮਿਲਣਗੇ
- ਤੁਹਾਡੇ ਕੋਲ ਤਿੰਨ ਬੱਚੇ ਹਨ ਤਾਂ ਤੁਹਾਨੂੰ 548 ਡਾਲਰ ਮਿਲਣਗੇ
- ਤੁਹਾਡੇ ਕੋਲ ਚਾਰ ਬੱਚੇ ਹਨ ਤਾਂ ਤੁਹਾਨੂੰ 628 ਡਾਲਰ ਮਿਲਣਗੇ

ਇਸ ਛੋਟ ਲਈ ਸਰਕਾਰੀ ਖਜ਼ਾਨੇ ਉੱਤੇ 2.5 ਬਿਲੀਅਨ ਡਾਲਰ ਦਾ ਬੋਝ ਪਵੇਗਾ।

NOW HIRING !!!
ALLKIND INSURANCE
- Life Insurance
- Critical illness Ins
- Travel & Visitor Ins
- RESP & TFSA & RRSP
- Super Visa Insurance
- Mortgage Insurance
- Disability Insurance
- Funeral Insurance
SIMRAN SAINI
416.994.7272
www.allkindinsurance.com

INSURANCE
- Home
- Auto
- Business
- Trucking
- Life Insurance
- Commercial
647-206-2452
Sukhwinder K Singh
CONNEX 7050A Bramalea Rd, Unit # 13, Mississauga, ON L5S 1T1

PEST PROBLEM ?
Residential & Commercial
100% Customer Satisfaction
All Pest Control
MICE, COCKROACH, BEDBUG & ALL COMMON BUGS
AFFORDABLE & RELIABLE
647.990.3205
KSG Pest Control Inc.
Residential, Commercial
www.ksgpestcontrol.ca
ksgpestcontrol@gmail.com
Amarjeet Singh Gill
Certified & Licenced Exterminator

Law Office of Aman Sharma
- Real Estate
- Commercial Lease
- Business Purchase & Sale
- Notarizations & Affidavits
- Wills & Power Of Attorney
Fax: 905-913-2344 Tel: 905-913-2355
25 Cherrycrest Drive, Unit # 6
Brampton, ON, L6P 3W4
Aman Sharma
Open Saturday
Providing excellent quality legal services to our clients

Royal Pest Control
Residential Commercial Industrial
Specialist in Bedbugs Service
All Pest Control :
- Mouse & Rats
- Spiders & Fleas
- Bedbugs
- Wasps
- Cockroaches
- Carpenter Ants
- Silver Fish
- Racoons
Call : PARESH PATEL
(Government Approved Licensed Technician)
416 938 4598

KELLEY LAW OFFICE
- Immigration
- Real Estate
- Family Law
- Business Closing
- Corporate
- Wills & Estate
- Power of Attorney/Affidavit /Attestations
www.kelleylawoffice.ca | info@kelleylawoffice.ca
ਇੱਥੇ ਹਰ ਤਰ੍ਹਾਂ ਦੇ ਇਮੀਗਰੇਸ਼ਨ, ਰੀਅਲ ਅਸਟੇਟ, ਬਿਜ਼ਨਸ ਲਾਅ, ਕੋਰਪੋਰੇਟ, ਫੈਮਲੀ ਲਾਅ, ਵਸੀਅਤਨਾਮੇ, ਪਾਵਰ ਆਫ ਅਟੋਰਨੀ, ਰਾਹਦਾਰੀ ਅਤੇ ਹੋਰ ਕਾਨੂੰਨੀ ਸਲਾਹ ਮਸ਼ਵਰੇ ਲਈ ਫੋਨ ਕਰੋ!
1200 Derry Road E, #15, Mississauga, ON L5T 0B3
Shinder Kelley
Barrister, Solicitor & Notary Public
905-362-0755

PROTECT YOUR HOME FROM PESTS
Pest Control
100% Success rate for bed bug Treatment
Low Rates/Excellent Pest Control Services
Free Home Inspection Call Today
Ranjit Sidhu
Certified & Licenced Exterminator
BED BUG MATTRESS COVER ALSO AVAILABLE
A-Z Pest Control Inc.
Cell: 647.668.3944 | Office: 905.455.0648
info@atozpestcontroltoronto.com | www.atozpestcontroltoronto.com

$3199
SUPER! SAVINGS FOR SUPER DADS
$1699
$5299*
5.2 CU FT. CAPACITY (AI WASH)
7.4 CU FT. CAPACITY (REVERSIBLE DOOR)
CAFÉ KitchenAid moffat MAYTAG LG SAMSUNG Electrolux JENNAIR BOSCH Whirlpool
5781 Highway 7 Unit 10 Vaughan, ON L4L 1T8 (416) 477-5556 | 44 Fasken Dr, #2-9 Etobicoke, ON M9W 5M8 (416) 792-0877 | Unit #1, 241 Clarence St Brampton, On L6W 3E7 (416) 551-3343 | Unit #4 -1540 Fanshawe Park Road West London, On N6H 5L8 (519) 641-1010 | Unit #6 – 410 Lewis Road Stoney Creek, On L8E 5Y7 (905) 643-0818 | 1050 Speers Road Oakville, On L6L 2X4 (416) 613-0555
416-551-5553
WWW.OURRHOMEAPPLIANCES.COM

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
- ਪਾਵਰ ਆਫ ਸੇਲ ਨੋਟਿਸ ?
- ਗਾਰਨਿਸ਼ਮੈਂਟ?
- ਬੈਂਕ ਵਲੋਂ ਪੈਸੇ ਦੀ ਮੰਗ ?
- ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ, ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਕਰਜ਼ੇ ਦੀ ਸਿਰਦਰਦੀ ?
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
Late Evening and Weekends Appointments Available
1888 864 3131
Jasbir Singh Hundal
Qualified Credit Counsellor
www.MakeMeDebtFree.ca
416-502-3100
Unit #20 - 7015 Tranmere Drive Mississauga, ON L5S 1T7

Mortgage! We Will Beat Any Rate !!!
*Each Mortgage Center Office is Independently Owned & Operated
Purchase || Refinance || Major Banks /Credit Unions || Private Lenders || Second Mortgages-Lowest 6.99 %
The Mortgage Centre
Cell: 416-841-4218 Tel: 905-216-5563
AvonFinancial Inc. Advice you can bank on.
Brokerage Lic. 12538
Harpreet Singh Goraya
Principal Broker (Lic # M12000607)
831 Bovaird Dr. West, Unit 25, Brampton, ON L6X 0T9 Fax : 905-216-0392

ਨਵਾਂ ਘਾਹ ਲਵਾਉ | 647-784-1213
www.aaalandscaping.ca
1. ਪੁਰਾਣਾ ਘਾਹ ਹਟਾਉ ਅਤੇ ਨਵਾਂ ਲਵਾਉ
2. ਏਰੀਆ ਨੂੰ ਲੇਵਲ ਕਰਨਾ ਅਤੇ ਮਿੱਟੀ ਰਲਾਉਣੀ
3. ਨਵਾਂ ਘਾਹ ਲਵਾਉ
4. ਆਪਣੇ ਨਵੇਂ ਅਤੇ ਸੋਹਣੇ ਘਾਹ ਨੂੰ ਦੇਖੋ

Allstate. You're in good hands.
+ Insurance
*Trademark used under licence by Allstate Insurance Company. 232374 | 6-23
Shawn Budwal
Allstate Sales Agent
Waterdown Agency
94 Dundas Street East, Unit 3
289-678-4024
sbudwal@allstate.ca

SUPER VISA INSURANCE EXPERTS
Punjab Insurance Inc
- Disability Insurance
- Mortgage Insurance
- Life Insurance
- Visitor & Travel Insurance
- RESP(Education Plan)
- Critical Illness Insurance
RANJIT GILL
Insurance Advisor
Ph: 416.724.5000
7003 Steeles Ave. W, Unit 10, Etobicoke, ON, M9W 0A2
gill@punjabinsurance.ca topinsuranceservices.ca

AUTO & HOME INSURANCE
- Super visa Insurance
- Life & Disability
- Critical illness
- RESP
- Visitor & Travel insurance
(416-845-1352)
Manwinder Mangat
Broker
Aaxel InsuranceBrokers Ltd.
1332 Khalsa Dr, Unit # 11, Mississauga, ON L5S 0A2

HELPING YOU PLAN TODAY...FOR TOMORROW
- Supervisa / Visitor Insurance
- Life /Mortgage/Funeral Insurance
- Disability Insurance
- Critical Illness Insurance
- RESP /RRSP
www.ufsinsurance.com
JATINDERBIR S BAJWA
Insurance Broker
Dir:647-928-4990
# 25-831 Bovarid Dr. W. Brampton, ON L6X0T9 | www.ufsinsurance.com

CN Forklift Training Center
Counterbalance All Types | Walkie pallet Low Lift | Electric Motor Narrow Aisle Reach | Cherry Order Picker
License $69 Toll Free: 1 855 230 0001
7033 Telford Way, Unit #4, Mississauga, ON L5S 1V4
When You Need Re certified License & Training First Call to us
Cell: 416 726 6206 Tel: 905 405 0001
NC Dhawan
Certified Instructor

MANN LAW FIRM
- Real Estate Law
- Business Law
- Wills & Estates
- Family Law
- Power of Attorney
- Civil Litigation
- Affidavits Notarization / Declaration
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca

# ਘਰ ਦੀ ਬੇਸਮੈਂਟ ਵਿੱਚ ਲੱਗੀ ਅੱਗ, ਇੱਕ ਜ਼ਖ਼ਮੀ



ਬਰੈਂਪਟਨ, 2 ਜੁਲਾਈ (ਪੋਸਟ ਬਿਊਰੋ) : ਬਰੈਂਪਟਨ ਵਿੱਚ ਬੋਵੇਅਰਡ ਡਰਾਈਵ ਤੇ ਸਨੀਵੇਲ ਗੇਟ ਵਿੱਚ ਰੈਜ਼ੀਡੈਂਸ਼ੀਅਲ ਯੂਨਿਟ ਵਿੱਚ ਅੱਗ ਲੱਗ ਜਾਣ ਕਾਰਨ ਇੱਕ ਵਿਅਕਤੀ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਿਆ।

ਸਨੀਵੇਲ ਗੇਟ ਨੇੜੇ ਪੈਨੀਰੋਇਲ ਕ੍ਰੀਸੈਂਟ ਉੱਤੇ ਸਥਿਤ ਘਰ ਦੀ ਬੇਸਮੈਂਟ ਵਿੱਚ ਅੱਗ ਲੱਗਣ ਤੋਂ ਬਾਅਦ ਰਾਤੀਂ 2:01 ਵਜੇ ਪੀਲ ਪੁਲਿਸ ਨੂੰ ਸੱਦਿਆ ਗਿਆ। ਪੈਰਾਮੈਡਿਕਸ ਨੇ ਮੌਕੇ ਉੱਤੇ ਪਹੁੰਚ ਕੇ ਇੱਕ ਵਿਅਕਤੀ, ਜਿਸ ਦੀ ਹਾਲਤ ਗੰਭੀਰ ਸੀ, ਨੂੰ ਲੋਕਲ ਹਸਪਤਾਲ ਭੇਜਿਆ। ਪਰ ਕਿਸੇ ਹੋਰ ਦਾ ਮੌਕੇ ਉੱਤੇ ਇਲਾਜ ਨਹੀਂ ਕੀਤਾ ਗਿਆ ਤੇ ਨਾ ਹੀ ਕਿਸੇ ਹੋਰ ਨੂੰ ਹਸਪਤਾਲ ਹੀ ਭੇਜਿਆ ਗਿਆ।

ਅੱਗ ਉੱਤੇ ਕਾਬੂ ਪਾਉਣ ਦੀਆਂ ਕੋਸ਼ਿਸ਼ਾਂ ਅਜੇ ਵੀ ਜਾਰੀ ਹਨ।

# ਪਾਕਿਸਤਾਨ 'ਚ ਗੁਰਦੁਆਰੇ 'ਚ ਜ਼ਬਰਦਸਤੀ ਦਾਖਲ ਹੋਏ ਸ਼ਰਾਰਤੀ ਅਨਸਰ, ਗੁਰੂ ਗ੍ਰੰਥ ਸਾਹਿਬ ਦੀ ਕੀਤੀ ਬੇਅਦਬੀ



ਇਸਲਾਮਾਬਾਦ, 02 ਜੁਲਾਈ (ਪੋਸਟ ਬਿਊਰੋ): ਪਾਕਿਸਤਾਨ 'ਚ ਘੱਟ ਗਿਣਤੀਆਂ 'ਤੇ ਹੋ ਰਹੇ ਅੱਤਿਆਚਾਰ ਰੁਕਣ ਦਾ ਨਾਂ ਨਹੀਂ ਲੈ ਰਹੇ ਹਨ। ਇੱਕ ਪਾਸੇ ਦੇਸ਼ ਦੇ ਬਹੁਤੇ ਲੋਕ ਗਰੀਬੀ ਵਿੱਚ ਜੀਅ ਰਹੇ ਹਨ ਅਤੇ ਦੂਜੇ ਪਾਸੇ ਧਾਰਮਿਕ ਕੱਟੜਤਾ ਵੀ ਵੱਧ ਰਹੀ ਹੈ। ਖਬਰਾਂ ਮੁਤਾਬਕ ਸਿੰਧ ਦੇ ਗੁਰੂ ਨਾਨਕ ਦੇਵ ਜੀ ਦੇ ਚਰਨ ਛੋਹ ਪ੍ਰਾਪਤ ਗੁਰ-ਦੁਆਰਾ ਤੱਖਰ ਸਾਹਿਬ 'ਚ ਗੁਰੂ ਗ੍ਰੰਥ ਸਾਹਿਬ ਦੀ ਬੇਅਦਬੀ ਦੀਆਂ ਖਬਰਾਂ ਸਾਹਮਣੇ ਆ ਰਹੀਆਂ ਹਨ। ਜ਼ਿਕਰਯੋਗ ਹੈ ਕਿ ਕੁਝ ਦਿਨ ਪਹਿਲਾਂ ਹੀ ਪੇਸ਼ਾਵਰ 'ਚ 2 ਸਿੱਖਾਂ ਦੇ ਕਤਲ ਤੋਂ ਬਾਅਦ ਦੇਸ਼ 'ਚ ਘੱਟ ਗਿਣਤੀਆਂ ਦੀ ਸੁਰੱਖਿਆ 'ਤੇ ਗੰਭੀਰ ਸਵਾਲ ਖੜ੍ਹੇ ਹੋ ਗਏ ਸਨ।

ਪ੍ਰਾਪਤ ਜਾਣਕਾਰੀ ਅਨੁਸਾਰ ਕੁਝ ਇਸਲਾਮਿਕ ਕੱਟੜਪੰਥੀਆਂ ਨੇ ਪਾਕਿ-ਸਤਾਨ ਦੇ ਗੁਰਦੁਆਰਾ ਤੱਖਰ ਸਾਹਿਬ 'ਤੇ ਹਮਲਾ ਕਰਕੇ ਗੁਰਬਾਣੀ ਦੇ ਪਾਠ 'ਤੇ ਰੋਕ ਲਗਾ ਦਿੱਤੀ ਹੈ। ਉਨ੍ਹਾਂ ਬਕਰੀਦ ਦੇ ਮੌਕੇ 'ਤੇ ਕਿਸੇ ਹੋਰ ਧਰਮ ਦੇ ਪਾਠ ਦਾ ਉਥੇ ਮੌਜੂਦ ਸਾਰੇ ਲੋਕਾਂ ਦਾ ਵਿਰੋਧ ਕੀਤਾ ਅਤੇ ਉਨ੍ਹਾਂ ਨੂੰ ਗੁਰ-ਦੁਆਰਾ ਸਾਹਿਬ ਤੋਂ ਬਾਹਰ ਜਾਣ ਲਈ ਕਿਹਾ। ਦੱਸਿਆ ਜਾਂਦਾ ਹੈ ਕਿ ਇਸ ਦੌਰਾਨ ਮੁਲਜ਼ਮਾਂ ਨੇ ਗੁਰੂ ਗ੍ਰੰਥ ਸਾਹਿਬ ਦੀ ਬੇਅਦਬੀ ਵੀ ਕੀਤੀ। ਸਥਾਨਕ ਲੋਕਾਂ ਅਨੁਸਾਰ ਉਨ੍ਹਾਂ ਮੁਲਜ਼ਮਾਂ ਨੂੰ ਫੜ ਕੇ ਪੁਲੀਸ ਹਵਾਲੇ ਕਰ ਦਿੱਤਾ ਪਰ ਪੁਲੀਸ ਨੇ ਬਿਨਾਂ ਕੋਈ ਕਾਰਵਾਈ ਕੀਤੇ ਉਨ੍ਹਾਂ ਨੂੰ ਛੱਡ ਦਿੱਤਾ। ਪਾਕਿਸਤਾਨ ਵਿੱਚ ਪੁਲਿਸ ਵੱਲੋਂ ਅਜਿਹੇ ਮਾਮਲਿਆਂ ਵਿੱਚ ਮੁਲਜ਼ਮਾਂ ਨੂੰ ਛੱਡ ਦੇਣਾ ਆਮ ਗੱਲ ਹੈ।

ਸਥਾਨਕ ਲੋਕਾਂ ਅਨੁਸਾਰ ਪੁਲਿਸ ਨੇ ਗੁਰਦੁਆਰੇ 'ਚ ਪਹੁੰਚ ਕੇ ਹੰਗਾਮਾ ਕਰਨ ਵਾਲਿਆਂ ਖਿਲਾਫ ਐਫਆਈਆਰ ਵੀ ਦਰਜ ਨਹੀਂ ਕੀਤੀ। ਦੱਸ ਦਈਏ ਕਿ ਪਾਕਿਸਤਾਨ 'ਚ ਪਿਛਲੇ ਕੁਝ ਮਹੀਨਿਆਂ 'ਚ ਘੱਟ ਗਿਣਤੀਆਂ 'ਤੇ ਅੱਤਿਆਚਾਰਾਂ 'ਚ ਕਾਫੀ ਵਾਧਾ ਹੋਇਆ ਹੈ। ਕਈ ਵਾਰ ਘੱਟਗਿਣਤੀ ਭਾਈਚਾਰੇ ਨਾਲ ਸਬੰਧਤ ਲੜਕੀਆਂ ਨੂੰ ਨਾ ਸਿਰਫ ਅਗਵਾ ਕਰਕੇ ਬਲਾਤਕਾਰ ਕੀਤਾ ਜਾਂਦਾ ਹੈ, ਸਗੋਂ ਕਈ ਵਾਰ ਬਲਾਤਕਾਰੀਆਂ ਨਾਲ ਉਨ੍ਹਾਂ ਦਾ ਵਿਆਹ ਵੀ ਕਰ ਦਿੱਤਾ ਜਾਂਦਾ ਹੈ।

# ਭਾਰਤੀ ਮੂਲ ਦੀ ਵਿਦਿਆਰਥਣ ਦੇ ਕਤਲ ਮਮਾਲੇ ਵਿਚ ਪ੍ਰੇਮੀ ਦੋਸ਼ੀ ਕਰਾਰ, ਗਲਾ ਵੱਢ ਕੇ ਕੀਤੀ ਸੀ ਹੱਤਿਆ



ਲੰਡਨ, 02 ਜੁਲਾਈ (ਪੋਸਟ ਬਿਊਰੋ): ਬ੍ਰਿਟੇਨ ਦੀ ਇਕ ਅਦਾਲਤ ਨੇ ਭਾਰਤੀ ਮੂਲ ਦੀ ਵਿਦਿਆਰਥਣ ਸਬਿਤਾ ਥਨਵਾਨੀ ਦੀ ਹੱਤਿਆ ਦੇ ਮਾਮਲੇ ਵਿਚ ਉਸ ਦੇ ਟਿਊਨੀਸ਼ੀਅਨ ਮੂਲ ਦੇ ਬੁਆਏਫ੍ਰੈਂਡ ਨੂੰ ਦੋਸ਼ੀ ਠਹਿਰਾਇਆ ਹੈ। ਅਦਾਲਤ ਸਤੰਬਰ ਵਿੱਚ ਸਜ਼ਾ ਸੁਣਾਏਗੀ। ਦੱਸ ਦੇਈਏ ਕਿ ਮੇਹਰ ਮਾਰੂਫ (23 ਸਾਲ) ਨੇ ਪਿਛਲੇ ਸਾਲ ਉੱਤਰੀ ਲੰਡਨ ਦੇ ਕਲਰਕਨਵੈਲ ਇਲਾਕੇ ਵਿੱਚ ਆਪਣੀ ਪ੍ਰੇਮਿਕਾ ਸਬਿਤਾ ਥਨਵਾਨੀ ਦਾ ਗਲਾ ਵੱਢ ਕੇ ਕਤਲ ਕਰ ਦਿੱਤਾ ਸੀ। ਮੇਹਰ ਮਾਰੂਫ ਨੂੰ ਸ਼ੁੱਕਰਵਾਰ ਨੂੰ ਲੰਡਨ ਦੀ ਬੈਲੇ ਕੋਰਟ 'ਚ ਸੁਣਵਾਈ ਦੌਰਾਨ ਕਤਲ ਦਾ ਦੋਸ਼ੀ ਠਹਿਰਾਇਆ ਗਿਆ।

ਸਬੀਤਾ ਦੀ ਲਾਸ਼ ਯੂਨੀਵਰਸਿਟੀ ਵੱਲੋਂ ਮੁਹੱਈਆ ਕਰਵਾਏ ਗਏ ਉਸ ਦੇ ਰਿਹਾਇਸ਼ੀ ਕੰਪਲੈਕਸ ਦੇ ਕਮਰੇ ਵਿੱਚੋਂ ਬਰਾਮਦ ਕੀਤੀ ਗਈ। ਸਬਿਤਾ ਦਾ ਗਲਾ ਵੱਢ ਕੇ ਬੇਰਹਿਮੀ ਨਾਲ ਕਤਲ ਕਰ ਦਿੱਤਾ ਗਿਆ ਸੀ। ਰੌਲਾ ਸੁਣ ਕੇ ਆਸਪਾਸ ਦੇ ਲੋਕਾਂ ਨੇ ਪੁਲਿਸ ਨੂੰ ਸੂਚਨਾ ਦਿੱਤੀ ਸੀ। ਪੁਲਸ ਜਾਂਚ 'ਚ ਸਾਹਮਣੇ ਆਇਆ ਹੈ ਕਿ ਸਬਿਤਾ ਅਤੇ ਮੇਹਰ ਵਿਚਾਲੇ ਪ੍ਰੇਮ ਸਬੰਧ ਸਨ। ਪੁਲਿਸ ਨੇ ਕਾਤਲ ਨੂੰ ਵੀ ਦੇਖ ਲਿਆ ਪਰ ਉਹ ਮੌਕੇ ਤੋਂ ਭੱਜਣ ਵਿੱਚ ਕਾਮਯਾਬ ਹੋ ਗਿਆ। ਬਾਅਦ ਵਿੱਚ ਪੁਲਿਸ ਨੇ ਗਹਿਰੀ ਤਲਾਸ਼ੀ ਮੁਹਿੰਮ ਚਲਾ ਕੇ ਮਹੇਰ ਨੂੰ ਫੜ੍ਹ ਲਿਆ।

ਮਹੇਰ 'ਤੇ ਇਕ ਐਮਰਜੈਂਸੀ ਕਰਮਚਾਰੀ 'ਤੇ ਹਮਲਾ ਕਰਨ ਦਾ ਵੀ ਦੋਸ਼ ਹੈ ਜਦੋਂ ਉਸਨੂੰ ਗ੍ਰਿਫਤਾਰ ਕੀਤਾ ਗਿਆ ਸੀ। ਮਹੇਰ ਨੂੰ ਇਸ ਸਮੇਂ ਬ੍ਰਾਡਮੂਰ ਮਨੋਵਿਗਿਆਨਕ ਹਸਪਤਾਲ ਵਿੱਚ ਉੱਚ ਸੁਰੱਖਿਆ ਵਿੱਚ ਰੱਖਿਆ ਗਿਆ ਹੈ। ਉਸ ਨੂੰ ਵੀਡੀਓ ਕਾਨਫਰੰਸਿੰਗ ਰਾਹੀਂ ਅਦਾਲਤ ਵਿੱਚ ਪੇਸ਼ ਕੀਤਾ ਗਿਆ। ਦੋਸ਼ੀ ਨੇ ਆਪਣਾ ਜੁਰਮ ਵੀ ਕਬੂਲ ਕਰ ਲਿਆ ਹੈ। ਸੁਣਵਾਈ ਅਰਬੀ ਭਾਸ਼ਾ ਦੇ ਮਾਹਿਰ ਦੀ ਮਦਦ ਨਾਲ ਕਰਵਾਈ ਗਈ। ਹੁਣ ਸਤੰਬਰ ਵਿੱਚ ਅਦਾਲਤ ਦੋਸ਼ੀ ਨੂੰ ਸਜ਼ਾ ਸੁਣਾਏਗੀ।

## ਅੱਜ ਨਾਮਾ

ਤੁਰਿਆ ਕਿੱਥੋਂ ਕਦ ਕੋਈ ਸੀ, ਕੌਣ ਜਾਣੇ,
ਕਰਦਿਆਂ ਖੋਜ ਨਹੀਂ ਮੁੱਕਦੀ ਰੇਸ ਮੀਆਂ।
ਮੱਥਾ-ਪੱਚੀ ਜਿਹੀ ਜਿੰਨੇ ਇਹ ਕਰਨ ਲੱਗੇ,
ਸਾਰਿਆਂ ਪੇਸ਼ ਕੀਤਾ ਵੱਖ ਸੀ ਕੇਸ ਮੀਆਂ।
ਕਿਸੇ ਨੇ ਯੂਰਪ ਦੇ ਤੀਕਰ ਜਾ ਜੜ੍ਹ ਖੋਜੀ,
ਮੰਨਦਾਮੁੱਢਲਾ ਕੋਈ ਭਾਰਤ ਦੇਸ ਮੀਆਂ।
ਆਰੀਆ, ਦਰਾਵੜ, ਮੰਗੋਲ ਵੀ ਫੋਲ ਵੇਖੇ,
ਡਿੱਠਾ ਸਹਿਮਤੀ ਦਾ ਕੋਈ ਨਾ ਬੇਸ ਮੀਆਂ।
ਤਦ ਵੀ ਖੋਜਣ ਦੀ ਇੱਛਾ ਨਾ ਰੁਕਣ ਵਾਲੀ,
ਮੜ੍ਹੀਆਂ, ਮੱਠ ਤੇ ਜੰਗਲ ਲਏ ਫੋਲ ਮੀਆਂ।
ਬਣ ਗਏ ਖੋਜਾਂ ਨਾਲ ਬੜੇ ਨੇ ਖੋਜ-ਪੱਤਰ,
ਭਰੋਸੇ ਭਰੀ ਨਹੀਂ ਫਾਈਲ ਹੈ ਕੋਲ ਮੀਆਂ।

**ਤੀਸ ਮਾਰ ਖਾਂ**

REXDALE FINANCIAL SERVICES
WE HELP YOU START, GROW AND SUCCEED
We bring Canada's leading lenders to you
The Mortgage Centre
I direct mortgages Inc.
21 Roysun Rd, #6, Woodbridge, ON L4L 8R3
Ph: 905.652.3000 ext 467 | 905.652.300 ext 468
Each Mortgage center is independently owned and operated
Call now: 416.674.8035 | 416.674.7050 or Fax: 416.674.9009
ਮਿਲ ਰਹੇ ਘੱਟ ਵਿਆਜ ਦਰਾਂ ਦਾ ਫਾਇਦਾ ਚੱਕੋ ਅਤੇ ਹਜ਼ਾਰਾਂ ਹੀ ਡਾਲਰ ਬਚਾਓ!
• DEBT CONSOLIDATION • HOME EQUITY
• LOANS • HOME RENOVATION
• WANT TO GET OUT OF CREDIT CARD DEBT
ਜਿਆਦਾ ਕਰਜਾ ਦੇ ਕੇ ਥੱਕ ਚੁੱਕੇ ਹੋ? ਆਪਣਾ ਕਰਜਾਂ ਚੁਕਾਓ!!!
ਬੈਂਕ ਨੇ ਕਰ ਦਿੱਤੀ 'ਨਾਂਹ', ਅਸੀਂ ਕਰਾਂਗੇ 'ਹਾਂ'
MORTGAGES SUITABLE FOR EVERY NEED!
1st & 2nd Mortgage Available
ALL IN ONE LOW MONTHLY PAYMENT!
Increase Your Cash Flow by up to 50%
YOU NEED A MORTGAGE? WE'LL ARANGE IT FOR YOU NO MATTER WHAT YOUR REASON IS!
Self Employed or Unemployed
Each Mortgage Centre is independently owned and operated
19 Woodbine Downs Blvd, #201, Etobicoke, ON M9W 6N5
Jaspal Singh Gahunia #M08006400
416.677.0047

NATURAL HEALTH SOLUTIONS
Over 20 years Homeopathic/Holistic ways case solving experience
HOMEOPATHY / HOLISTIC ਵਿਧੀ ਰਾਹੀਂ ਬਿਮਾਰੀਆਂ ਦਾ ਇਲਾਜ ਕਰਨ ਦਾ 20 ਸਾਲ ਤੋਂ ਵੱਧ ਦਾ ਤਜੁਰਬਾ ।
ABDOMINAL, METABOLIC, SKIN ਅਤੇ ਬੱਚਿਆਂ ਨਾਲ ਸੰਬੰਧਿਤ ਬਿਮਾਰੀਆਂ ਜਿਵੇਂ ਕੇ ਭੁੱਖ ਨਾ ਲੱਗਣਾ ਅਤੇ PSYCOLOGICAL ਸੱਮਸਿਆਵਾਂ ਨੂੰ ਠੀਕ ਕਰਨ ਦਾ ਤਜੁਰਬਾ ।
ਜੇਕਰ ਕਿਤੋਂ ਹੋਰ ਇਲਾਜ ਨਹੀਂ ਹੋਇਆ ਤਾਂ ਸਾਡੇ ਨਾਲ ਸੰਪਰਕ ਕਰੋ –
ਤੁਹਾਡੀ ਭਾਸ਼ਾ ਬੋਲਦੇ – Hindi, Punjabi & English
ASHFAQ AHMAD (M.Sc.)
- Registered Ontario Homeopath
- Holistic Nutritionist
- Certified Herbalist
Phone: 647-779-5904
Address: 8 Camperdown Ave, Etobicoke.
Clinic hours: all appointment basis for client convenience

TAX & ACCOUNTING
TAX | HST REBATE | ADVISORY |
ACCOUNTING | INCORPORATION |
BUSINESS LOAN | PERSONAL TAX
Harcharan S. Grover
Chartered Accountant
ਸਾਨੂੰ ਕਾਲ ਕਰੋ ਤੇ ਆਪਣਾ ਟੈਕਸ ਬਚਾਓ
Call for Professional Advice
905.247.0193
info@grovercpa.ca
GroVerCPA Professional Corporation
214-7895 Tranmere Drive, Mississauga ON L5S 1V9

ਬਰਾੜ ਗਰਾਜ ਡੋਰ
ਅਸੀਂ ਰੀਪੇਅਰ ਕਰਦੇ ਹਾਂ :
BROKEN SPRINGS
CABLES & ROLLERS
GARAGE DOOR OPENERS
We Install Garage Door Openers
ਸੰਪਰਕ ਕਰੋ: (416) 357-4082, ਈਮੇਲ ਕਰੋ: brargaragedoors@gmail.com

SherGill Law Firm
Barrister, Solicitor & Notary Public
Services:
* Real Estate
* Residential, Commercial & Franchise
* Criminal Law
* Family Law
* Affidavit, Power Of Attorney & Notarization
* Immigration Matters
Paramjit Singh Gill (MBA,LL.B.)
Tel: 905-790-3636
2565 Steeles Ave E Unit #20, Brampton, ON L6T 4L6
Emergency Contact: 416.910.5676
www.shergilllawfirm.ca

ਆਓ ਸੱਤ ਸਮੁੰਦਰੋ ਪਾਰ ਵਾਲਿਆਂ ਦਾ ਵੀ ਸੋਚੀਏ
Super Visa
■ How your spouse can join you within 4-6 months
■ How your parents can join you
■ How students & skilled people can come to Canada
■ How international Students & Foreign workers can get their immigration
We do appeal for Refusal cases also
Sponsor Your Family
MacroGlobal Immigration Services Ltd.
Seema Bhayana
ICCRC Member
Ph: 905 452 0000, 905 452 9999
180 Wilkinson Road, Unit 18 Brampton, ON L6T 4M3
Fax: 905 452 9996 Email: macroglobal@rogers.com
www.macroimmigration.com

ukttc UK TRUCK TRAINING CENTRE
PCC #179958
Registered as a Private Careers College
ਹੁਣ ਕੈਮਬ੍ਰਿਜ ਵਿੱਚ ਨਵੀਂ ਲੋਕੇਸ਼ਨ ਖੁੱਲ ਗਈ ਹੈ!!!
225 Sheldon Dr #18, Cambridge
➡ Automatic & Manual Trucks
1 on 1 Training
Air Brake Classes
Sat & Sun 8.00am to 4.00pm
Wed & Thu 4.00pm to 11.00pm
ਜਲਦੀ ਰੋਡ ਟੈਸਟ ਬੁਕਿੰਗ
➡ Forklift Training
Forklift $79 Recertification
Counterbalance
Reach Truck
ਬਾਰ-ਬਾਰ ਫੇਲ੍ਹ ਹੋਣ ਤੋਂ ਬਚਣ ਲਈ ਤਜ਼ਰਬੇਕਾਰ ਇੰਸਟ੍ਰਕਟਰ ਤੋਂ ਟ੍ਰੇਨਿੰਗ ਪ੍ਰਾਪਤ ਕਰੋ।
We help in Written Test & in Finding Jobs
20 ਸਾਲਾਂ ਦਾ ਤਜ਼ਰਬਾ | 7 ਦਿਨ ਖੁੱਲਾ | ਗੇਅਰਾਂ ਵਾਲੇ ਟਰੱਕਾ ਦੀ ਸਪੈਸ਼ਲ ਟ੍ਰੇਨਿੰਗ
7542 Bath Rd, Mississauga, ON L4T 1L2, Off:905.673.7979
OPEN 7 DAYS uktruck1@gmail.com
Jitpal Singh Deol 647-204-1936

# ਫਰਾਂਸ 'ਚ ਦੰਗਾ ਕਰਨ ਦੇ ਮਾਮਲੇ 'ਚ 719 ਗ੍ਰਿਫਤਾਰ, ਐਮਰਜੈਂਸੀ ਲਗਾਉਣ ਦੀ ਉੱਠੀ ਮੰਗ



ਪੈਰਿਸ, 02 ਜੁਲਾਈ (ਪੋਸਟ ਬਿਊਰੋ): ਫਰਾਂਸ ਵਿੱਚ ਇੱਕ ਕਿਸ਼ੋਰ ਦੀ ਮੌਤ ਤੋਂ ਬਾਅਦ ਹੋਏ ਦੰਗਿਆਂ ਦੇ ਸਬੰਧ ਵਿੱਚ ਪੁਲਿਸ ਨੇ 719 ਲੋਕਾਂ ਨੂੰ ਗ੍ਰਿਫਤਾਰ ਕੀਤਾ ਹੈ। ਫਰਾਂਸ ਦੇ ਗ੍ਰਹਿ ਮੰਤਰੀ ਨੇ ਕਿਹਾ ਕਿ ਦੰਗਿਆਂ ਦੇ ਸਬੰਧ ਵਿੱਚ 719 ਲੋਕਾਂ ਨੂੰ ਗ੍ਰਿਫਤਾਰ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਦੰਗਾਕਾਰੀਆਂ ਦੇ ਹਮਲਿਆਂ ਵਿੱਚ 45 ਪੁਲੀਸ ਮੁਲਾਜ਼ਮ ਜ਼ਖ਼ਮੀ ਹੋਏ ਹਨ। ਫਰਾਂਸ ਸਰਕਾਰ ਨੇ ਸਥਿਤੀ 'ਤੇ ਕਾਬੂ ਪਾਉਣ ਲਈ 45,000 ਪੁਲਿਸ ਕਰਮਚਾਰੀ ਤਾਇਨਾਤ ਕੀਤੇ ਹਨ।

ਦੱਸ ਦੇਈਏ ਕਿ ਇਸ ਤੋਂ ਪਹਿਲਾਂ ਪੈਰਿਸ ਦੇ ਮੇਅਰ ਦੇ ਘਰ 'ਤੇ ਵੀ ਹਮਲਾ ਹੋਇਆ ਸੀ। ਮੇਅਰ ਨੇ ਕਿਹਾ ਕਿ ਉਨ੍ਹਾਂ ਦੇ ਘਰ ਅਤੇ ਵਾਹਨਾਂ ਨੂੰ ਅੱਗ ਲਾਉਣ ਦੀ ਕੋਸ਼ਿਸ਼ ਕੀਤੀ ਗਈ। ਮੇਅਰ ਨੇ ਦੱਸਿਆ ਕਿ ਘਟਨਾ ਦੇ ਸਮੇਂ ਉਨ੍ਹਾਂ ਦੀ ਪਤਨੀ ਅਤੇ ਦੋ ਬੱਚੇ ਘਰ ਵਿੱਚ ਸੁੱਤੇ ਹੋਏ ਸਨ। ਹਮਲੇ 'ਚ ਉਸ ਦੀ ਪਤਨੀ ਅਤੇ ਇਕ ਬੱਚਾ ਵੀ ਜ਼ਖਮੀ ਹੋ ਗਏ। ਪੁਲਿਸ ਦੀ ਮੁਸਤੈਦੀ ਨੇ ਮੇਅਰ ਅਤੇ ਉਸਦੇ ਪਰਿਵਾਰ ਦੀ ਜਾਨ ਬਚਾਈ।

ਦੱਸ ਦੇਈਏ ਕਿ ਫਰਾਂਸ ਵਿੱਚ ਇਸ ਹਫਤੇ ਦੀ ਸ਼ੁਰੂਆਤ ਵਿੱਚ 17 ਸਾਲਾ ਕਿਸ਼ੋਰ ਨੇਹਲ ਨੂੰ ਇੱਕ ਪੁਲਿਸ ਵਾਲੇ ਨੇ ਗੋਲੀ ਮਾਰ ਦਿੱਤੀ ਸੀ। ਇਸ ਕਾਰਨ ਨੇਹਲ ਦੀ ਮੌਤ ਹੋ ਗਈ। ਇਸ ਤੋਂ ਬਾਅਦ ਫਰਾਂਸ ਵਿੱਚ ਦੰਗੇ ਸ਼ੁਰੂ ਹੋ ਗਏ। ਦੂਜੇ ਪਾਸੇ ਨੇਹਲ ਨੂੰ ਮਾਰਨ ਵਾਲੇ ਪੁਲਿਸ ਮੁਲਾਜ਼ਮ ਨੂੰ ਬਰਖਾਸਤ ਕਰਕੇ ਜੇਲ੍ਹ ਭੇਜ ਦਿੱਤਾ ਗਿਆ ਹੈ। ਕਿਸ਼ੋਰ ਦੇ ਅੰਤਿਮ ਸਸਕਾਰ ਦੌਰਾਨ ਸੈਂਕੜੇ ਲੋਕ, ਜ਼ਿਆਦਾਤਰ ਅਰਬੀ ਜਾਂ ਕਾਲੇ, ਮੌਜੂਦ ਸਨ।

ਫਰਾਂਸ ਵਿੱਚ ਹਿੰਸਾ ਦੇ ਦੋਸ਼ ਵਿੱਚ ਹੁਣ ਤੱਕ 3000 ਤੋਂ ਵੱਧ ਪ੍ਰਦਰਸ਼ਨਕਾਰੀਆਂ ਨੂੰ ਗ੍ਰਿਫ਼ਤਾਰ ਕੀਤਾ ਜਾ ਚੁੱਕਾ ਹੈ। ਇਨ੍ਹਾਂ ਵਿੱਚੋਂ 30 ਫੀਸਦੀ ਨੌਜਵਾਨ ਹਨ। ਦੰਗਿਆਂ ਦੌਰਾਨ 700 ਤੋਂ ਵੱਧ ਦੁਕਾਨਾਂ, ਸੁਪਰਮਾਰਕੀਟਾਂ, ਰੈਸਟੋਰੈਂਟਾਂ ਅਤੇ ਬੈਂਕਾਂ ਨੂੰ ਨਿਸ਼ਾਨਾ ਬਣਾਇਆ ਗਿਆ ਸੀ। ਰਿਪਬਲਿਕਨ ਪਾਰਟੀ ਦੇ ਜੀਨਬਰੂਨ ਨੇ ਇੱਕ ਬਿਆਨ ਵਿੱਚ ਕਿਹਾ, "ਇਹ ਹਮਲਾ ਭਿਆਨਕ ਅਤੇ ਅਪਮਾਨਜਨਕ ਦੇ ਇੱਕ ਨਵੇਂ ਪੜਾਅ ਦੀ ਨਿਸ਼ਾਨਦੇਹੀ ਕਰਦਾ ਹੈ।" ਸਰਕਾਰ ਨੂੰ ਐਮਰਜੈਂਸੀ ਲਾਗੂ ਕਰਨ ਦੀ ਅਪੀਲ ਕੀਤੀ ਜਾਂਦੀ ਹੈ। ਸਰਕਾਰੀ ਵਕੀਲ ਨੇ ਕਤਲ ਦੀ ਕੋਸ਼ਿਸ਼ ਦੇ ਤਹਿਤ ਮਾਮਲਾ ਦਰਜ ਕਰਕੇ ਜਾਂਚ ਸ਼ੁਰੂ ਕਰ ਦਿੱਤੀ ਹੈ।

# ਮਹਾਰਾਸ਼ਟਰ 'ਚ ਸਿਆਸੀ ਭੂਚਾਲ, ਅਜੀਤ ਪਵਾਰ ਬਣੇ ਮਹਾਰਾਸ਼ਟਰ ਦੇ ਉਪ ਮੁੱਖ ਮੰਤਰੀ



ਮਹਾਰਾਸ਼ਟਰ, 2 ਜੁਲਾਈ (ਪੋਸਟ ਬਿਊਰੋ): ਅਜੀਤ ਪਵਾਰ ਨੇ ਐਤਵਾਰ ਨੂੰ ਬਿਨਾਂ ਕਿਸੇ ਨੂੰ ਭਨਕ ਲੱਗੇ ਮਹਾਰਾਸ਼ਟਰ ਦੇ ਉਪ ਮੁੱਖ ਮੰਤਰੀ ਬਣ ਕੇ ਵੱਡੀ ਹਲਚਲ ਮਚਾ ਦਿੱਤੀ। ਉਹ ਐਨਸੀਪੀ ਦੇ 40 ਵਿਧਾਇਕਾਂ ਦੇ ਨਾਲ ਸ਼ਿੰਦੇ ਅਤੇ ਭਾਜਪਾ ਦੀ ਗਠਜੋੜ ਸਰਕਾਰ ਵਿੱਚ ਸ਼ਾਮਲ ਹੋਏ। ਇਸ ਨੂੰ ਲੈ ਕੇ ਦਿਨ ਭਰ ਮਹਾਰਾਸ਼ਟਰ ਦੀ ਸਿਆਸਤ ਗਰਮਾਈ ਰਹੀ ਅਤੇ ਵਿਰੋਧੀ ਨੇਤਾਵਾਂ ਨੇ ਇਸ ਲਈ ਭਾਜਪਾ ਨੂੰ ਜ਼ਿੰਮੇਵਾਰ ਠਹਿਰਾਇਆ ਅਤੇ ਆਪਣਾ ਗੁੱਸਾ ਕੱਢਿਆ। ਇਸ ਸਿਆਸੀ ਭੂਚਾਲ ਦੀ ਗੂੰਜ ਬਿਹਾਰ ਤੋਂ ਜੰਮੂ ਤੱਕ ਸੁਣਾਈ ਦਿੱਤੀ।

ਅਜਿਤ ਪਵਾਰ ਦੇ ਭਾਜਪਾ 'ਚ ਸ਼ਾਮਲ ਹੋਣ ਅਤੇ ਮਹਾਰਾਸ਼ਟਰ ਦੇ ਉਪ ਮੁੱਖ ਮੰਤਰੀ ਵਜੋਂ ਸਹੁੰ ਚੁੱਕਣ 'ਤੇ ਛੱਤੀਸਗੜ੍ਹ ਦੇ ਮੁੱਖ ਮੰਤਰੀ ਭੁਪੇਸ਼ ਬਘੇਲ ਨੇ ਕਿਹਾ, "ਅੱਜ ਦੀ ਘਟਨਾ ਇਸ ਗੱਲ ਦਾ ਸੰਕੇਤ ਹੈ ਕਿ ਆਉਣ ਵਾਲੇ ਦਿਨਾਂ 'ਚ ਬਹੁਤ ਕੁਝ ਬਦਲ ਸਕਦਾ ਹੈ। ਸ਼ਰਦ ਪਵਾਰ ਨੇ ਆਪਣੇ ਸਾਰੇ ਪੱਤੇ ਨਹੀਂ ਖੋਲ੍ਹੇ ਹਨ। ਬਹੁਤ ਸਾਰਾ ਸਿਆਸੀ ਹੰਗਾਮਾ ਹੋਵੇਗਾ। ਅਜਿਤ ਪਵਾਰ ਦੇ ਸ਼ਿੰਦੇ ਸਰਕਾਰ 'ਚ ਸ਼ਾਮਲ ਹੋਣ ਅਤੇ ਮਹਾਰਾਸ਼ਟਰ 'ਚ ਉਪ ਮੁੱਖ ਮੰਤਰੀ ਵਜੋਂ ਸਹੁੰ ਚੁੱਕਣ 'ਤੇ ਜੇਡੀਯੂ ਪ੍ਰਧਾਨ ਲਲਨ ਸਿੰਘ ਨੇ ਕਿਹਾ, "ਭਾਜਪਾ ਲੋਕਾਂ ਦੀ ਸ਼ਕਤੀ 'ਤੇ ਵਿਸ਼ਵਾਸ ਨਹੀਂ ਕਰਦੀ। ਉਹ ਪਾਰਟੀਆਂ ਨੂੰ ਤੋੜਨ 'ਚ ਵਿਸ਼ਵਾਸ ਰੱਖਦੀ ਹੈ ਅਤੇ ਇਕ ਦਿਨ ਉਨ੍ਹਾਂ ਨੂੰ ਝਟਕਾ ਦੇਵੇਗੀ।

ਇਸ 'ਤੇ ਊਧਵ ਠਾਕਰੇ ਧੜੇ ਦੇ ਸੰਸਦ ਮੈਂਬਰ ਸੰਜੇ ਰਾਉਤ ਨੇ ਕਿਹਾ ਕਿ ਭਾਜਪਾ ਵਿਰੋਧੀ ਪਾਰਟੀਆਂ ਨੂੰ ਤੋੜ ਰਹੀ ਹੈ, ਉਹ ਸਰਕਾਰਾਂ ਬਣਾ ਰਹੀ ਹੈ ਅਤੇ ਤਬਾਹ ਕਰ ਰਹੀ ਹੈ। ਜਿਨ੍ਹਾਂ ਲੋਕਾਂ 'ਤੇ ਪ੍ਰਧਾਨ ਮੰਤਰੀ ਨੇ ਭ੍ਰਿਸ਼ਟਾਚਾਰ ਦੇ ਦੋਸ਼ ਲਗਾਏ ਸਨ, ਉਨ੍ਹਾਂ ਨੇ ਅੱਜ ਸਹੁੰ ਚੁੱਕੀ, ਇਸ ਦਾ ਮਤਲਬ ਹੈ ਜਾਂ ਤਾਂ ਉਹ ਦਾਅਵੇ ਗਲਤ ਸਨ ਜਾਂ ਫਿਰ ਜਦੋਂ ਉਹ ਆਪਣੀ ਪਾਰਟੀ ਵਿੱਚ ਸ਼ਾਮਲ ਹੁੰਦੇ ਹਨ ਤਾਂ ਭਾਜਪਾ ਭ੍ਰਿਸ਼ਟ ਜਾਪਦੀ ਹੈ।

ਮਹਾਰਾਸ਼ਟਰ ਦੇ ਸਾਬਕਾ ਮੁੱਖ ਮੰਤਰੀ ਅਤੇ ਕਾਂਗਰਸ ਨੇਤਾ ਪ੍ਰਿਥਵੀਰਾਜ ਚਵਾਨ ਨੇ ਕਿਹਾ, "ਮੈਂ ਹੈਰਾਨ ਹਾਂ ਕਿ 2 ਦਿਨ ਪਹਿਲਾਂ ਪ੍ਰਧਾਨ ਮੰਤਰੀ ਮੋਦੀ ਨੇ ਭੋਪਾਲ ਵਿੱਚ ਆਪਣੇ ਵਰਕਰਾਂ ਦੇ ਸਾਹਮਣੇ ਕਿਹਾ ਸੀ ਕਿ ਐਨਸੀਪੀ ਨੇ 70,000 ਕਰੋੜ ਰੁਪਏ ਦਾ ਭ੍ਰਿਸ਼ਟਾਚਾਰ ਕੀਤਾ ਹੈ...ਮੈਂ ਮਨੀ ਲਾਂਡਰਿੰਗ ਬਾਰੇ ਸੁਣਿਆ ਹੈ ਪਰ ਇਹ ਮੰਤਰੀ ਲਾਂਡਰਿੰਗ ਕਰ ਰਿਹਾ ਹੈ। ਮਹਾਰਾਸ਼ਟਰ ਦੇ ਲੋਕ ਉਸਨੂੰ ਕਦੇ ਮੁਆਫ ਨਹੀਂ ਕਰਨਗੇ।

## ਪੰਜਾਬ ਵਿੱਚ ਪਰਾਲੀ ਸਾੜਨ ਦੀ ਸਮੱਸਿਆ ਨਾਲ ਨਜਿੱਠਣ ਲਈ 350 ਕਰੋੜ ਰੁਪਏ ਦੀ ਕਾਰਜ ਯੋਜਨਾ ਤਿਆਰ

ਚੰਡੀਗੜ੍ਹ, 02 ਜੁਲਾਈ (ਪੋਸਟ ਬਿਊਰੋ): ਮੁੱਖ ਮੰਤਰੀ ਭਗਵੰਤ ਮਾਨ ਦੀ ਸੂਬੇ ਵਿੱਚ ਪਰਾਲੀ ਸਾੜਨ ਦੀ ਸਮੱਸਿਆ ਨਾਲ ਨਜਿੱਠਣ ਲਈ ਬਦਲਵੇਂ ਕਦਮ ਚੁੱਕਣ ਦੀ ਵਚਨਬੱਧਤਾ ਤਹਿਤ ਪੰਜਾਬ ਦੇ ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਵੱਲੋਂ ਸਬਸਿਡੀ 'ਤੇ ਪਰਾਲੀ ਪ੍ਰਬੰਧਨ ਮਸ਼ੀਨਰੀ ਮੁਹੱਈਆ ਕਰਵਾਉਣ ਲਈ 350 ਕਰੋੜ ਰੁਪਏ ਦੀ ਕਾਰਜ ਯੋਜਨਾ ਦਾ ਖਰੜਾ ਤਿਆਰ ਕੀਤਾ ਗਿਆ ਹੈ। ਇਸ ਪਹਿਲ ਤਹਿਤ ਜਿੱਥੇ ਪਰਾਲੀ ਪ੍ਰਬੰਧਨ ਮਸ਼ੀਨਾਂ ਉਤੇ ਸਹਿਕਾਰੀ ਸਭਾਵਾਂ ਤੇ ਹੋਰ ਸਮੂਹ 80 ਫ਼ੀਸਦ ਸਬਸਿਡੀ ਦਾ ਲਾਭ ਲੈ ਸਕਦੇ ਹਨ, ਉਥੇ ਦੂਜੇ ਪਾਸੇ ਵਿਅਕਤੀਗਤ ਕਿਸਾਨਾਂ ਨੂੰ 50 ਫ਼ੀਸਦ ਸਬਸਿਡੀ ਮਿਲ ਸਕੇਗੀ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਪੰਜਾਬ ਦੇ ਖੇਤੀਬਾੜੀ ਤੇ ਕਿਸਾਨ ਭਲਾਈ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਦੱਸਿਆ ਕਿ ਵਿਭਾਗ ਵੱਲੋਂ ਮੌਜੂਦਾ ਵਰ੍ਹੇ ਲਈ ਫੰਡ ਮੁਹੱਈਆ ਕਰਵਾਉਣ ਵਾਸਤੇ 350 ਕਰੋੜ ਰੁਪਏ ਦੀ ਕਾਰਜ ਯੋਜਨਾ ਕੇਂਦਰ ਸਰਕਾਰ ਨੂੰ ਭੇਜੀ ਗਈ ਹੈ ਅਤੇ ਫਸਲਾਂ ਦੀ ਰਹਿੰਦ-ਖੂੰਹਦ ਦੇ ਪ੍ਰਬੰਧਨ ਲਈ ਵਿਅਕਤੀਗਤ ਕਿਸਾਨਾਂ ਨੂੰ 20,000 ਤੋਂ ਵੱਧ ਮਸ਼ੀਨਾਂ ਸਬਸਿਡੀ 'ਤੇ ਉਪਲਬਧ ਕਰਵਾਈਆਂ ਜਾਣਗੀਆਂ ਅਤੇ ਇਸ ਦੇ ਨਾਲ ਹੀ 1000 ਕਸਟਮ ਹਾਇਰਿੰਗ ਸੈਂਟਰ ਵੀ ਸਥਾਪਿਤ ਕੀਤੇ ਜਾਣਗੇ।

ਉਨ੍ਹਾਂ ਕਿਹਾ ਕਿ ਵਿਭਾਗ ਨੇ ਸਾਉਣੀ ਸੀਜ਼ਨ 2023 ਦੌਰਾਨ ਵੱਖ-ਵੱਖ ਫ਼ਸਲੀ ਰਹਿੰਦ-ਖੂੰਹਦ ਪ੍ਰਬੰਧਨ (ਸੀ।ਆਰ।ਐਮ।) ਮਸ਼ੀਨਰੀ 'ਤੇ ਸਬਸਿਡੀ ਲੈਣ ਦੇ ਚਾਹਵਾਨ ਕਿਸਾਨਾਂ, ਸਹਿਕਾਰੀ ਸਭਾਵਾਂ, ਐਫ।ਪੀ।ਓਜ਼ ਅਤੇ ਪੰਚਾਇਤਾਂ ਤੋਂ ਬਿਨੈ ਪੱਤਰਾਂ ਦੀ ਮੰਗ ਕੀਤੀ ਹੈ। ਇਸ ਸਕੀਮ ਤਹਿਤ ਇਨ-ਸੀਟੂ ਪ੍ਰਬੰਧਨ ਲਈ ਸੁਪਰ ਐਸਐਮਐਸ, ਸੁਪਰ ਸੀਡਰ, ਸਮਾਰਟ ਸੀਡਰ, ਹੈਪੀ ਸੀਡਰ, ਪੈਡੀ ਸਟਰਾਅ ਚੌਪਰ/ਸ਼ਰੈਡਰ/ਮਲਚਰ, ਹਾਈਡ੍ਰੌਲਿਕ ਰਿਵਰਸੀਬਲ ਮੋਲਡ ਬੋਰਡ ਪਲੌਅ ਤੇ ਜ਼ੀਰੋ ਟਿੱਲ ਡਰਿੱਲ ਅਤੇ ਐਕਸ-ਸੀਟੂ ਪ੍ਰਬੰਧਨ ਵਿੱਚ ਬੇਲਰ ਅਤੇ ਰੇਕ ਸਬਸਿਡੀ 'ਤੇ ਉਪਲਬਧ ਕਰਵਾਏ ਜਾ ਰਹੇ ਹਨ। ਵਿਅਕਤੀਗਤ ਕਿਸਾਨਾਂ ਲਈ ਉਪਰੋਕਤ ਮਸ਼ੀਨਾਂ 'ਤੇ ਸਬਸਿਡੀ ਦੀ ਦਰ ਉਪਕਰਣਾਂ ਦੀ ਕੀਮਤ ਦਾ 50 ਫ਼ੀਸਦ ਅਤੇ ਸਹਿਕਾਰੀ ਸਭਾਵਾਂ, ਐਫਪੀਓਜ਼, ਪੰਚਾਇਤਾਂ ਲਈ ਇਸ ਸਕੀਮ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਵੱਧ ਤੋਂ ਵੱਧ 80 ਫ਼ੀਸਦ ਤੱਕ ਰੱਖੀ ਗਈ ਹੈ।

# ਛੇ ਦਿਨ ਪਹਿਲਾਂ ਪੂਰੇ ਦੇਸ਼ 'ਚ ਪਹੁੰਚਿਆ ਮਾਨਸੂਨ, ਕਈ ਉਤਰੀ ਰਾਜਾਂ ਵਿਚ ਪਿਆ ਮੀਂਹ



ਨਵੀਂ ਦਿੱਲੀ, 02 ਜੁਲਾਈ (ਪੋਸਟ ਬਿਊਰੋ): ਭਾਰਤੀ ਮੌਸਮ ਵਿਭਾਗ ਨੇ ਕਿਹਾ ਕਿ ਦੱਖਣ-ਪੱਛਮੀ ਮਾਨਸੂਨ ਨੇ ਐਤਵਾਰ ਨੂੰ ਪੂਰੇ ਦੇਸ਼ ਨੂੰ ਕਵਰ ਕੀਤਾ, ਆਮ ਤਰੀਕ ਤੋਂ ਛੇ ਦਿਨ ਪਹਿਲਾਂ, ਕਿਉਂਕਿ ਇਹ ਰਾਜਸਥਾਨ, ਪੰਜਾਬ ਅਤੇ ਹਰਿਆਣਾ ਦੇ ਬਾਕੀ ਹਿੱਸਿਆਂ ਵਿੱਚ ਅੱਗੇ ਵਧਿਆ। ਇਸ ਤੋਂ ਪਹਿਲਾਂ, ਆਈਐਮਡੀ ਨੇ ਸ਼ੁੱਕਰਵਾਰ ਨੂੰ ਕਿਹਾ ਸੀ ਕਿ ਪੂਰਬੀ ਉੱਤਰ ਪ੍ਰਦੇਸ਼ ਅਤੇ ਦੱਖਣੀ ਬਿਹਾਰ ਦੇ ਕੁਝ ਹਿੱਸਿਆਂ ਨੂੰ ਛੱਡ ਕੇ ਪੂਰੇ ਦੇਸ਼ ਵਿੱਚ ਜੁਲਾਈ ਵਿੱਚ ਮਾਨਸੂਨ ਦੇ ਆਮ ਹੋਣ ਦੀ ਉਮੀਦ ਹੈ।

ਮੌਸਮ ਵਿਭਾਗ ਨੇ ਕਿਹਾ ਕਿ ਮਾਨਸੂਨ ਨੇ 8 ਜੁਲਾਈ ਦੀ ਆਮ ਤਾਰੀਖ ਦੇ ਮੁਕਾਬਲੇ ਐਤਵਾਰ ਨੂੰ ਪੂਰੇ ਦੇਸ਼ ਨੂੰ ਕਵਰ ਕੀਤਾ। 16 ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਵਿਚ ਜੂਨ ਵਿਚ ਘੱਟ ਬਾਰਿਸ਼ ਹੋਈ, ਬਿਹਾਰ ਅਤੇ ਕੇਰਲ ਵਿੱਚ ਆਮ ਨਾਲੋਂ ਕ੍ਰਮਵਾਰ 69 ਫੀਸਦੀ ਅਤੇ 60 ਫੀਸਦੀ ਘੱਟ ਬਾਰਿਸ਼ ਹੋਈ।

ਕੁਝ ਹੋਰ ਰਾਜਾਂ ਜਿਵੇਂ ਉੱਤਰ ਪ੍ਰਦੇਸ਼, ਮਹਾਰਾਸ਼ਟਰ, ਕਰਨਾਟਕ, ਝਾਰਖੰਡ, ਆਂਧਰਾ ਪ੍ਰਦੇਸ਼ ਅਤੇ ਤੇਲੰਗਾਨਾ ਵਿੱਚ ਵੀ ਜੂਨ ਵਿੱਚ ਆਮ ਨਾਲੋਂ ਘੱਟ ਮੀਂਹ ਪਿਆ। ਆਈਐਮਡੀ ਦੇ ਡਾਇਰੈਕਟਰ ਜਨਰਲ ਮ੍ਰਿਤਯੁੰਜਯ ਮਹਾਪਾਤਰਾ ਨੇ ਸ਼ੁੱਕਰਵਾਰ ਨੂੰ ਕਿਹਾ, "ਜੁਲਾਈ 2023 ਦੌਰਾਨ ਪੂਰੇ ਦੇਸ਼ ਵਿੱਚ ਔਸਤ ਮਾਸਿਕ ਬਾਰਿਸ਼ ਆਮ (94 ਤੋਂ 106 ਪ੍ਰਤੀਸ਼ਤ ਐਲਪੀਏ) ਹੋਣ ਦੀ ਸੰਭਾਵਨਾ ਹੈ।"

1971-2020 ਦੇ ਅੰਕੜਿਆਂ ਦੇ ਆਧਾਰ 'ਤੇ ਜੁਲਾਈ ਦੌਰਾਨ ਦੇਸ਼ ਭਰ ਵਿੱਚ ਵਰਖਾ ਦੀ ਲੰਬੀ ਮਿਆਦ ਦੀ ਔਸਤ ਲਗਭਗ 280.4 ਮਿਲੀਮੀਟਰ ਹੈ। ਭੂਮੱਧ ਪ੍ਰਸ਼ਾਂਤ ਮਹਾਸਾਗਰ ਦੇ ਗਰਮ ਹੋਣ ਦੀ ਘਟਨਾ ਜੁਲਾਈ ਵਿੱਚ ਵਿਕਸਤ ਹੋਣ ਦੀ ਉਮੀਦ ਹੈ। ਐਲ ਨੀਨੋ ਮਾਨਸੂਨ ਦੀ ਬਾਰਸ਼ ਨੂੰ ਦਬਾਉਣ ਲਈ ਜਾਣਿਆ ਜਾਂਦਾ ਹੈ। ਮਹਾਪਾਤਰਾ ਨੇ ਕਿਹਾ ਕਿ ਹਾਲ ਹੀ ਦੇ ਅਲ ਨੀਨੋ ਸਾਲਾਂ ਦੌਰਾਨ ਜੂਨ ਵਿੱਚ ਬਾਰਿਸ਼ ਆਮ ਸੀਮਾ ਦੇ ਅੰਦਰ ਰਹੀ ਹੈ।


# ਪਿਕਨਿਕ ਮਨਾਉਣ ਗਏ 5 ਲੋਕ ਝੀਲ 'ਚ ਡੁੱਬੇ, ਦੇਰ ਰਾਤ ਕੱਢੀਆਂ ਲਾਸ਼ਾਂ



ਨਾਗਪੁਰ, 02 ਜੁਲਾਈ (ਪੋਸਟ ਬਿਊਰੋ): ਮਹਾਰਾਸ਼ਟਰ ਦੇ ਨਾਗਪੁਰ 'ਚ ਇਕ ਵੱਡਾ ਹਾਦਸਾ ਵਾਪਰਿਆ, ਜਿੱਥੇ ਐਤਵਾਰ ਸ਼ਾਮ ਨੂੰ ਇਕ-ਦੂਜੇ ਨੂੰ ਬਚਾਉਣ ਦੀ ਕੋਸ਼ਿਸ਼ 'ਚ 5 ਲੋਕ ਝੀਲ 'ਚ ਡੁੱਬ ਗਏ। ਪੁਲਸ ਨੇ ਦੱਸਿਆ ਕਿ ਹਿੰਗਨਾ ਇਲਾਕੇ 'ਚ ਸਥਿਤ ਝੀਲ 'ਤੇ ਅੱਠ ਨੌਜਵਾਨਾਂ ਦਾ ਇਕ ਸਮੂਹ ਪਿਕਨਿਕ ਮਨਾਉਣ ਗਿਆ ਸੀ ਪਰ ਉਨ੍ਹਾਂ ਨੇ ਆਪਣਾ ਮਨ ਬਦਲ ਲਿਆ ਅਤੇ ਕੁਝ ਨੌਜਵਾਨ ਝੀਲ 'ਚ ਨਹਾਉਣ ਚਲੇ ਗਏ। ਜਿਸ ਵਿੱਚ ਪੰਜ ਲੋਕ ਡੁੱਬ ਗਏ।

ਘਟਨਾ ਦੀ ਜਾਣਕਾਰੀ ਦਿੰਦੇ ਹੋਏ ਇਕ ਅਧਿਕਾਰੀ ਨੇ ਦੱਸਿਆ ਕਿ ਅੱਠ ਦੋਸਤ ਜਿਲਪੀ ਝੀਲ ਦੇ ਕੰਢੇ ਸੈਰ ਕਰ ਰਹੇ ਸਨ ਜਦੋਂ ਉਨ੍ਹਾਂ ਵਿਚੋਂ ਕੁਝ ਨੇ ਪਾਣੀ ਵਿਚ ਦਾਖਲ ਹੋਣ ਦਾ ਫੈਸਲਾ ਕੀਤਾ। ਗਰੁੱਪ ਦੇ ਇੱਕ ਮੈਂਬਰ ਨੂੰ ਡੁਬਦਾ ਦੇਖ ਕੇ ਬਾਕੀਆਂ ਨੇ ਉਸ ਨੂੰ ਬਚਾਉਣ ਦੀ ਕੋਸ਼ਿਸ਼ ਕੀਤੀ ਪਰ ਉਨ੍ਹਾਂ ਵਿੱਚੋਂ ਪੰਜ ਡੁੱਬ ਗਏ।

ਉਨ੍ਹਾਂ ਦੱਸਿਆ ਕਿ ਪੁਲਿਸ ਨੂੰ ਘਟਨਾ ਦੀ ਸੂਚਨਾ ਮਿਲਣ ਤੋਂ ਬਾਅਦ ਸਥਾਨਕ ਗੋਤਾਖੋਰਾਂ ਦੀ ਮਦਦ ਨਾਲ ਤਲਾਸ਼ੀ ਮੁਹਿੰਮ ਸ਼ੁਰੂ ਕੀਤੀ ਗਈ। ਉਨ੍ਹਾਂ ਦੱਸਿਆ ਕਿ ਰਾਤ ਕਰੀਬ 10 ਵਜੇ ਰਿਸ਼ੀਕੇਸ਼ ਪਰੇਡ (21), ਵੈਭਵ ਵੈਦਿਆ (20), ਰਾਹੁਲ ਮੇਸ਼ਰਾਮ (21), ਨਿਤਿਨ ਕੁੰਬਰੇ (21) ਅਤੇ ਸ਼ਾਂਤਨੂ ਅਰਮਾਕਰ (22) ਦੀਆਂ ਲਾਸ਼ਾਂ ਨੂੰ ਪਾਣੀ ਵਿੱਚੋਂ ਕੱਢਿਆ ਗਿਆ।

ੴ ਸਤਿਗੁਰ ਪ੍ਰਸਾਦਿ ॥
ਗੁਰਮੁਖਿ ਜਨਮ ਸਵਾਰਿ ਦਰਗਹਿ ਚਲਿਆ ॥
ਸੱਚੀ ਦਰਗਹਿ ਜਾਇ ਸਚਾ ਪਿੜ ਮਲਿਆ ॥

ੴ

ਸ. ਤਰਲੋਚਨ ਸਿੰਘ ਗਿੱਲ (ਗਾਲਿਬ ਕਲਾਂ)
ਵੱਲੋਂ
ਆਪ ਜੀ ਨੂੰ ਬੇਨਤੀ ਹੈ ਕਿ ਉਹਨਾਂ ਦੀ ਧਰਮਪਤਨੀ

DECEMBER 1941 - JULY 2021

ਸਰਦਾਰਨੀ ਕੁਲਦੀਪ ਕੌਰ ਗਿੱਲ
ਜੋ ਕਿ ਦੋ ਸਾਲ ਪਹਿਲਾਂ ਸਾਨੂੰ ਸਦੀਵੀ ਵਿਛੋੜਾ ਦੇ ਗਏ ਸਨ ਉਹਨਾਂ ਦੀ ਆਤਮਿਕ ਸ਼ਾਂਤੀ ਦੇ ਸਬੰਧ ਵਿੱਚ

**ਸ੍ਰੀ ਅਖੰਡ ਪਾਠ ਸਾਹਿਬ ਜੀ ਦਾ ਭੋਗ**

ਦਿੱਤੇ ਪ੍ਰੋਗਰਾਮ ਅਨੁਸਾਰ ਪਵੇਗਾ । ਸੋ ਆਪ ਜੀ ਨੇ ਸਮੇਂ ਸਿਰ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ । ਅਤੀ ਧੰਨਵਾਦੀ ਹੋਵਾਂਗੇ ਜੀ ।

**ਪ੍ਰੋਗਰਾਮ**

7 ਜੁਲਾਈ 2023, ਦਿਨ ਸ਼ੁੱਕਰਵਾਰ
ਅਰੰਭ ਸ੍ਰੀ ਅਖੰਡ ਪਾਠ ਸਾਹਿਬ ਜੀ.......1.30 ਵਜੇ ਦੁਪਿਹਰ

9 ਜੁਲਾਈ 2023, ਦਿਨ ਐਤਵਾਰ
ਭੋਗ ਸ੍ਰੀ ਅਖੰਡ ਪਾਠ ਸਾਹਿਬ ਜੀ..........1.00 ਵਜੇ ਦੁਪਿਹਰ
ਕੀਰਤਨ ................................ 2.00 ਵਜੇ ਦੁਪਿਹਰ
ਗੁਰੂ ਕਾ ਲੰਗਰ...........................3.00 ਵਜੇ ਦੁਪਿਹਰ

ਸਥਾਨ: ਸ਼੍ਰੀ ਗੁਰੂ ਸਿੰਘ ਸਭਾ ਮਾਲਟਨ
Sri Guru Singh Sabha Malton
7280 Airport Rd, Mississauga, ON L4T 2H3

ਸਮੂਹ ਗਿੱਲ ਪਰਿਵਾਰ
+1 416-802-7377, +1 416-735-7737
+1 416-880-9785
E-mail: tgill@imchd.com

Design by: ਡੋਗਰਾ ਪ੍ਰਿੰਟਰਜ਼, ਲਿੰਕ ਰੋਡ, ਜਗਰਾਉਂ #98784-03812



## NEEDED FULL-TIME CONSTRUCTION WORKER

*(Required Canadian Citizen or Permanent Resident)*

**Decon Construction Inc. is a small business in Brampton, ON L6X 2M1. We are professional, fast-paced, and demanding.** We are looking for a Construction Worker to join our team and assist in the completion of various construction projects. The ideal candidate for this position will have experience in the construction industry, be able to lift heavy objects, and have a strong work ethic. The successful candidate will be responsible for a variety of tasks, including demolition, digging trenches, mixing concrete, and cleaning up job sites.

**Responsibilities:**
- Load, unload and transport construction materials
- Operate mobile and tower cranes to lift, move, position or place equipment and materials
- Clean and lubricate cranes
- Erect and dismantle concrete forms, scaffolding, ramps, catwalks shoring and barricades
- Operate pile driving cranes to drive pilings into earth to provide support for buildings and other structures
- Mix, pour and spread materials
- Operate cranes equipped with dredging attachments to dredge waterways and other areas
- Assemble tower cranes on site
- Assist heavy equipment operators
- Operate gantry cranes to load and unload ship cargo at port side
- Assist in drilling and blasting rock on construction sites
- Assist in framing houses, erecting walls and building roofs
- Level earth to fine grade specifications
- Assist in demolishing buildings
- Perform pre-operational inspection, and calculate crane capacities and weight to prepare for rigging and hoisting
- Perform routine maintenance work
- Clean up chemical spills and other contaminants
- Remove rubble and other debris at construction sites
- Tend or feed machines or equipment used in construction
- Direct traffic at or near construction sites
- Read and interpret blueprints

**Additional Information**
Work conditions and physical capabilities
- Fast-paced environment
- Work under pressure
- Physically demanding
- Handling heavy loads
- Hand-eye co-ordination

**Personal suitability**
- Dependability
- Flexibility
- Reliability
- Team player

**Experience**
Experience an asset
Work site environment
- Outdoors
- At heights
- Noisy

**Job Type: Full-time**
**Salary: $27.00 per hour**

**Benefits:**
- Paid time off

**Flexible Language Requirement:**
- French not required

**Language:**
- English (preferred)

**Schedule:**
- Monday to Friday

**Supplemental pay types:**
- Overtime pay

**Ability to commute/relocate:**
- Brampton, ON L6X 2M1:
reliably commute or plan to relocate before starting work (required)

**Experience:**
- construction (preferred)

**Shift availability:**
- Day Shift (preferred)

**Work Location:** In person

**Submit Resume:**
naeem@decongroup.ca

# ਆਪ੍ਰੇਸ਼ਨ ਵਿਜਲ-2: ਪੰਜਾਬ ਪੁਲਿਸ ਵੱਲੋਂ ਬੱਸ ਅੱਡਿਆਂ, ਰੇਲਵੇ ਸਟੇਸ਼ਨਾਂ ’ਤੇ ਰਾਜ ਵਿਆਪੀ ਚੈਕਿੰਗ ਆਪ੍ਰੇਸ਼ਨ

ਚੰਡੀਗੜ੍ਹ, 02 ਜੁਲਾਈ (ਪੋਸਟ ਬਿਊਰੋ): ਪੰਜਾਬ ਪੁਲਿਸ ਨੇ ਐਤਵਾਰ ਨੂੰ ਸੂਬੇ ਦੇ 28 ਪੁਲਿਸ ਜ਼ਿਲ੍ਹਿਆਂ ਦੀਆਂ ਸੰਵੇਦਨਸ਼ੀਲ ਥਾਵਾਂ ਜਿਵੇਂ ਰੇਲਵੇ ਸਟੇਸ਼ਨ, ਬੱਸ ਸਟੈਂਡ ਅਤੇ ਉਨ੍ਹਾਂ ਦੇ ਆਲੇ-ਦੁਆਲੇ ਹੋਟਲ, ਸਰਾਵਾਂ ’ਤੇ ਆਪ੍ਰੇਸ਼ਨ ‘ਵਿਜਲ-2’ ਦੇ ਨਾਮ ਹੇਠ ਵਿਸ਼ੇਸ਼ ਘੇਰਾਬੰਦੀ ਅਤੇ ਤਲਾਸ਼ੀ ਆਪਰੇਸ਼ਨ (ਸੀਏਐਸਓ) ਚਲਾਇਆ। ਇਹ ਆਪ੍ਰੇਸ਼ਨ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਦੇ ਨਿਰਦੇਸ਼ਾਂ ’ਤੇ ਚਲਾਇਆ ਗਿਆ।

ਬੱਸ ਸਟੈਂਡਾਂ ਅਤੇ ਰੇਲਵੇ ਸਟੇਸ਼ਨਾਂ ’ਤੇ ਚੈਕਿੰਗ ਕਰਨ ਤੋਂ ਇਲਾਵਾ ਸ਼ੱਕੀ ਵਾਹਨਾਂ/ਵਿਅਕਤੀਆਂ ਦੀ ਤਲਾਸ਼ੀ ਲਈ ਸੂਬੇ ਦੇ ਡੀ।ਐਸ।ਪੀਜ਼। ਦੀ ਨਿਗਰਾਨੀ ਹੇਠ ਪੂਰਨ ਤਾਲਮੇਲ ਵਾਲੇ 550 ਤੋਂ ਵੱਧ ਮਜ਼ਬੂਤ ਅੰਤਰ-ਰਾਜੀ ਅਤੇ ਅੰਤਰ-ਜ਼ਿਲ੍ਹਾ ਨਾਕੇ ਵੀ ਲਗਾਏ ਗਏ । ਇਸ ਆਪ੍ਰੇਸ਼ਨ ਦੌਰਾਨ ਪੁਲਿਸ ਵੱਲੋਂ ਆਮ ਲੋਕਾਂ ਦੀ ਘੱਟੋ-ਘੱਟ ਅਸੁਵਿਧਾ ਨੂੰ ਯਕੀਨੀ ਬਣਾਇਆ ਗਿਆ।

ਇਸ ਆਪ੍ਰੇਸ਼ਨ ਨੂੰ ਅੰਜਾਮ ਦੇਣ ਲਈ 7500 ਤੋਂ ਵੱਧ ਪੁਲਿਸ ਕਰਮੀ ਸ਼ਾਮਲ ਸਨ, ਜੋ ਕਿ ਰਾਜ ਭਰ ਵਿੱਚ ਸਵੇਰੇ 7 ਵਜੇ ਤੋਂ ਦੁਪਹਿਰ 3 ਵਜੇ ਤੱਕ ਪੂਰੀ ਮੁਸਤੈਦੀ ਨਾਲ ਆਪ੍ਰੇਸ਼ਨ ਨੂੰ ਅੰਜਾਮ ਦਿੰਦੇ ਰਹੇ। ਸਾਰੇ ਸੀਪੀਜ਼/ਐਸਐਸਪੀਜ਼ ਨੂੰ ਜ਼ਿਲ੍ਹਾ/ਸ਼ਹਿਰ ਦੇ ਸੀਲਿੰਗ ਪੁਆਇੰਟਾਂ ’ਤੇ ਮਜ਼ਬੂਤ ’ਨਾਕੇ’ ਲਗਾਉਣ ਲਈ ਅਤੇ ਇਸ ਅਪਰੇਸ਼ਨ ਲਈ ਵੱਧ ਤੋਂ ਵੱਧ ਅਧਿਕਾਰੀਆਂ ਅਤੇ ਪੁਲਿਸ ਕਰਮੀਆਂ ਨੂੰ ਜੁਟਾਉਣ ਲਈ ਕਿਹਾ ਗਿਆ ਸੀ। ਇਹ ਆਪਰੇਸ਼ਨ ਰੇਂਜ ਇੰਸਪੈਕਟਰ ਜਨਰਲ ਆਫ ਪੁਲਿਸ (ਆਈਜੀਐਸਪੀ) ਦੀ ਨਿਗਰਾਨੀ ਹੇਠ ਚਲਾਇਆ ਗਿਆ।

ਸਪੈਸ਼ਲ ਡਾਇਰੈਕਟਰ ਜਨਰਲ ਆਫ਼ ਪੁਲਿਸ (ਸਪੈਸ਼ਲ ਡੀਜੀਪੀ) ਲਾਅ ਐਂਡ ਆਰਡਰ ਅਰਪਿਤ ਸ਼ੁਕਲਾ ਨੇ ਦੱਸਿਆ ਕਿ ਰੇਲਵੇ ਸਟੇਸ਼ਨਾਂ ਅਤੇ ਬੱਸ ਸਟੈਂਡਾਂ ਦੀ ਤਲਾਸ਼ੀ ਲੈਣ ਲਈ ਐਸ।ਪੀ। ਪੱਧਰ ਦੇ ਅਧਿਕਾਰੀ ਤਾਇਨਾਤ ਕੀਤੇ ਗਏ ਸਨ, ਜਦੋਂ ਕਿ ਸਾਰੇ ਨਾਕਿਆਂ ’ਤੇ ਡੀਐਸਪੀ ਪੱਧਰ ਦੇ ਅਧਿਕਾਰੀ ਤਾਇਨਾਤ ਕੀਤੇ ਗਏ ਸਨ। ਉਨ੍ਹਾਂ ਅੱਗੇ ਕਿਹਾ, “ਅਸੀਂ ਸਾਰੇ ਪੁਲਿਸ ਮੁਲਾਜ਼ਮਾਂ ਨੂੰ ਸਖ਼ਤੀ ਨਾਲ ਹਦਾਇਤ ਕੀਤੀ ਸੀ ਕਿ ਉਹ ਇਸ ਕਾਰਵਾਈ ਦੌਰਾਨ ਕਿਸੇ ਵੀ ਵਿਅਕਤੀ ਦੀ ਤਲਾਸ਼ੀ ਜਾਂ ਵਾਹਨਾਂ ਦੀ ਚੈਕਿੰਗ ਕਰਦੇ ਸਮੇਂ ਲੋਕਾਂ ਨਾਲ ਦੋਸਤਾਨਾ ਅਤੇ ਨਿਮਰਤਾ ਨਾਲ ਪੇਸ਼ ਆਉਣ।”

ਉਹਨਾਂ ਦੱਸਿਆ ਕਿ ਪੁਲਿਸ ਟੀਮਾਂ ਵੱਲੋਂ ਆਪਰੇਸ਼ਨ ਦੌਰਾਨ 141 ਰੇਲਵੇ ਸਟੇਸ਼ਨਾਂ ਅਤੇ 219 ਬੱਸ ਸਟੈਂਡਾਂ ਦੇ ਨਾਲ-ਨਾਲ 926 ਹੋਟਲਾਂ, 172 ਸਰਾਵਾਂ ਅਤੇ 166 ਧਰਮਸ਼ਾਲਾਵਾਂ ਦੀ ਚੈਕਿੰਗ ਕੀਤੀ ਗਈ। ਪੁਲਿਸ ਟੀਮਾਂ ਨੇ 9521 ਦੋ-ਪਹੀਆ ਵਾਹਨਾਂ ਅਤੇ 7122 ਚੌ- ਪਹੀਆ ਵਾਹਨਾਂ ਦੀ ਚੈਕਿੰਗ ਕੀਤੀ ।

ਸਪੈਸ਼ਲ ਡੀਜੀਪੀ ਨੇ ਆਪ੍ਰੇਸ਼ਨ ਦੇ ਅੰਜਾਮ ਸਾਂਝੇ ਕਰਦਿਆਂ ਦੱਸਿਆ ਕਿ ਪੁਲਿਸ ਟੀਮਾਂ ਨੇ 1.15 ਕਿਲੋਗ੍ਰਾਮ ਹੈਰੋਇਨ, 37 ਕਿਲੋ ਭੁੱਕੀ, 243 ਲੀਟਰ ਨਾਜਾਇਜ਼ ਸ਼ਰਾਬ, ਛੇ ਪਿਸਤੌਲ/ਰਿਵਾਲਵਰਾਂ ਤੋਂ ਇਲਾਵਾ 7.02 ਲੱਖ ਰੁਪਏ ਡਰੱਗ ਮਨੀ ਬਰਾਮਦ ਕਰਕੇ 116 ਐਫਆਈਆਰਜ਼ ਦਰਜ ਕੀਤੀਆਂ ਅਤੇ 141 ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਹੈ। ਉਨ੍ਹਾਂ ਕਿਹਾ ਕਿ ਇਸ ਕਾਰਵਾਈ ਦੌਰਾਨ ਪੁਲਿਸ ਨੇ ਤਿੰਨ ਭਗੌੜੇ ਅਪਰਾਧੀਆਂ ਨੂੰ ਵੀ ਗ੍ਰਿਫਤਾਰ ਕੀਤਾ ਹੈ, ਜਦੋਂ ਕਿ 1826 ਸ਼ੱਕੀ ਵਿਅਕਤੀਆਂ ਨੂੰ ਪੁੱਛਗਿੱਛ ਲਈ ਹਿਰਾਸਤ ਵਿੱਚ ਲਿਆ ।

## ਫੀਮੇਲ ਹਾਊਸਕੀਪਰ ਦੀ ਲੋੜ

ਮਾਰਖਮ ਹਾਊਸ, ਜਿਸ ਵਿਚ ਕ੍ਰਿਸ਼ਨਾ ਮੰਦਰ ਹੈ, ਲਈ ਫੁਲ ਟਾਈਮ ਲਿਵ ਇਨ ਫੀਮੇਲ ਹਾਊਸਕੀਪਰ ਦੀ ਲੋੜ ਹੈ। ਘਰ ਪੂਰੀ ਤਰ੍ਹਾਂ ਸ਼ਾਕਾਹਾਰੀ ਹੈ, ਇੱਥੋਂ ਤੱਕ ਕਿ ਪਿਆਜ ਅਤੇ ਲਹਿਸਣ ਦੀ ਵਰਤੋਂ ਦੀ ਵੀ ਆਗਿਆ ਨਹੀਂ ਹੈ। ਕੰਮ ਦੇ ਵਿਚ ਖਾਣਾ ਬਣਾਉਣਾ, ਸਾਫ-ਸਫਾਈ ਅਤੇ ਸਾਰੇ ਘਰ ਦੀ ਵਧੀਆ ਤਰੀਕੇ ਨਾਲ ਸੰਭਾਲ ਕਰਨੀ ਸ਼ਾਮਲ ਹਨ। ਹਾਊਸਕੀਪਰ ਨੂੰ ਘਰ ਦੇ ਮੈਂਬਰ ਵਾਂਗ ਰੱਖਿਆ ਜਾਵੇਗਾ। ਚਾਹਵਾਨ ਕ੍ਰਿਪਾ ਕਰਕੇ vbsharma@vbsharma.ca ਉਤੇ ਅਪਲਾਈ ਕਰਨ। ਫੋਨ ਨੰਬਰ 416-292-4431 ext. 224 ਉਤੇ 3 ਵਜੇ ਤੋਂ ਬਾਅਦ ਸੰਪਰਕ ਕਰ ਸਕਦੇ ਹਨ।

NEED A LAWYER ??
Red Seal NOTARY
KAUR LAW OFFICE
MANJEET KAUR
LL.B., (London UK)
Barrister, Solicitor & Notary Public
REAL ESTATE LAWYER
- Residential & Commercial
- Sale/Purchase of House
- Mortgage & Refinancing
- Drafting/Reviewing Agreements
- Title Transfer
- 2nd Mortgage
IMMIGRATION
Skilled Worker Category
Spousal & Family Sponsorship
- Student Permits Visa & Renewals
- PR Renewal/ Citizenship Application
FAMILY LAWYER
- Child & Spousal support
- Custody & Access
- Divorce
- Equalization
BUSINESS LAW
- Incorporation & Shareholder agreements
- Sales & Purchase of Assets & Shares
- Notarization & Affidavits
WILLS & ESTATE
- Wills
- Certificate of Estate Trustee with/without Will
- Power of attorney for Property & Personal Care
Tel : 905-454-0099
Fax: 905-454-2234
2575 Steeles Ave. E., Unit 1,Brampton, ON L6T 5T1

Dr. Randhawa Dentistry
Your own dentist who really cares for you
We Provide the following Services:
- Dental Crowns, Veneers & Bridges
- Dental Fillings & Gum Treatment
- Root Canal (RCT), Dentures, Extraction
- Kids Dentistry
- Wisdom Tooth Surgery
- Invisalign (Invisible Braces)
- Digital X-Rays System
- Teeth Cleaning & Whitening
- Cosmetic Dental Treatment
Dr. Samreet Kaur Randhawa
General Family Dentist
New Patients welcome
Deal Directly with all Insurance Companies
- ਸੀਨੀਅਰ ਡਿਸਕਾਊਂਟ
- ਅਸੀਂ ਤੁਹਾਡੀ ਭਾਸ਼ਾ ਬੋਲਦੇ ਹਾਂ
- ਐਮਰਜੈਂਸੀ ਅਤੇ ਵਾਕ ਇਨ ਸੇਵਾਵਾਂ
NEW LOCATION
10 SQUIRE ELLIS DR, UNIT 5-6
BRAMPTON, ON L6P 4K6
(MAJOR INTERSECTION: GORE RD/MAYFIELD)
Tel :905-794-5111
INVISALIGN & BRACES INCLUDING CLEAR BRACES
Invisible Braces ਜਿਹਣੀਆਂ ਕਿ ਦੂਰੋਂ ਨਜ਼ਰ ਨਹੀਂ ਆਉਂਦੀਆਂ
Show Your Smile More With Invisible Braces!
FIRST LOCATION
DENTISTRY @ BONNIE BRAES
50 CHESTERWOOD CRES, UNIT 2
BRAMPTON, ON L6Y 0Z4
(OPP. CHRUCHVILLE PUBLIC SCHOOL, JAMES POTTER / BONNIE BRAES INTERSECTION)
Tel : 905-230-9044
Mayfield Rd
Mcvean Dr
Gore Rd
Squire Ellis Dr
Countryside Dr

ਕੈਨੇਡੀਅਨ ਪੰਜਾਬੀ ਪੋਸਟ
Award winning news paper | Canadian Punjabi Post
CLASSIFIEDS
Starting at just $10
ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ
ਕਾਲ ਕਰੋ: 905-793-2202

Matrimonial
ਰਿਸ਼ਤੇ ਹੀ ਰਿਸ਼ਤੇ
Starting at just $10
ਵਿਆਹ ਸ਼ਾਦੀ ਦਾ ਇਸ਼ਤਿਹਾਰ ਦੇਣ ਲਈ
ਕਾਲ ਕਰੋ: 905-793-2202

## ਲੜਕੀ ਦੀ ਲੋੜ

Sikh Tonk kashtriya Boy Feb/1993 Born, height 5.11”, B.tech in computer science, On work permit PR applied. Working as a supervisor. Looking for beautiful PR/Work permit/ Study permit girl. Caste No Bar. Whatsapp or Call at +91 9417272807, +12269787777

ਜੱਟ ਸਿੱਖ ਲੜਕਾ, ਉਮਰ 28 ਸਾਲ, ਕੱਦ 5 ਫੁੱਟ 10 ਇੰਚ, ਲੜਕੇ ਦੀ ਇਕ ਭੈਣ ਹੈ, ਆਟੋਮੋਟਿਵ ਪਾਵਰ ਟੈਕਨੀਸ਼ੀਅਨ, ਆਟੋਮੋਬਾਇਲ ਇੰਡਸਟਰੀ ਵਿਚ ਮਿਕੈਨਿਕ ਦੇ ਤੌਰ ’ਤੇ ਕੰਮ ਕਰ ਰਿਹਾ ਹੈ, ਕੈਨੇਡੀਅਨ ਪੀਆਰ ਹੈ, ਲਈ ਜੱਟ ਸਿੱਖ, ਪੜ੍ਹੀ ਲਿਖੀ ਲੜਕੀ ਦੀ ਲੋੜ ਹੈ। ਲੜਕੀ ਕੈਨੇਡਾ ਵਿਚ ਵਰਕ ਪਰਮਿਟ ਉਤੇ ਹੋਵੇ, ਸਟੱਡੀ ਪਰਮਿਟ ਉਤੇ ਜਾਂ ਪੀਆਰ ਹੋਲਡਰ ਹੋਵੇ। ਸੰਪਰਕ: (289) 380-6898

ਜੱਟ ਸਿੱਖ ਸੰਧੂ ਲੜਕਾ, ਉਮਰ 33 ਸਾਲ, ਕੱਦ 5 ਫੁਟ, 11 ਇੰਚ, 12ਵੀਂ ਪਾਸ, ਵਰਕ ਪਰਮਿਟ ਦੋ ਸਾਲ, ਬ੍ਰੈਂਪਟਨ, ਪਿਤਾ ਵੀ ਇੱਥੇ, ਮਾਤਾ ਵੀ ਆ ਰਹੀ ਹੈ। ਇਕਲੌਤਾ ਲੜਕਾ, ਚੰਗੀ ਜਾਇਦਾਦ, ਨਸ਼ਿਆਂ ਤੋਂ ਬਿਲਕੁਲ ਰਹਿਤ, ਭੂਆਂ ਕੋਲ ਰਹਿੰਦਾ ਹੈ, ਲਈ ਯੋਗ ਲੜਕੀ ਸਿਟੀਜ਼ਨ, ਪੀ.ਆਰ. ਹੋਵੇ। ਹੋਣ ਜਾਣਕਾਰੀ ਲਈ ਸੰਪਰਕ ਕਰੋ: 647-631-9445

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ।ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ।ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

ਸਿੱਖ ਅਰੋੜਾ ਲੜਕਾ, ਇਸ ਸਮੇਂ ਵਿਜ਼ਿਟਰ ਵੀਜ਼ੇ ’ਤੇ ਕੈਨੇਡਾ ਵਿਚ, ਯੋਗ ਕੰਨਿਆ ਦੀ ਜ਼ਰੂਰਤ ਹੈ। ਲੜਕੇ ਦੀ ਭੈਣ ਕੈਨੇਡਾ ਦੀ ਪੀ.ਆਰ. ਹੈ। ਪੰਜਾਬ ਵਿਚ ਚੰਗੀ ਜ਼ਮੀਨ ਅਤੇ ਬਿਜ਼ਨਸ ਹੈ। ਪਹਿਲੀ ਪਤਨੀ ਦੀ ਮੌਤ ਹੋ ਚੁੱਕੀ ਹੈ ਅਤੇ ਉਸ ਦਾ ਦੋ ਸਾਲ ਦਾ ਬੇਟਾ ਵੀ ਹੈ। ਜਾਤੀ ਬੰਧਨ ਨਹੀਂ। ਲੜਕੀ ਕੈਨੇਡਾ ਦੀ ਪੀ.ਆਰ. ਜਾਂ ਸਿਟੀਜਨ ਹੋਵੇ। ਸੰਪਰਕ: 647-625-5706

Well settled Punjabi Arora family seeks match for their PR son 34 years old, 6 feet tall, M.Com LLB, never smoking, never drinking, vegetarian, legally divorced after very short marriage, no relationship. Boy is almost unmarried. He is working as an officer in Leading Canadian Bank. Seeks educated family oriented girl from families in Canada/USA or new immigrant, PR, student or on work permit. Girl with very short marriage or never married will be preferred. Parents please send Bio-data and photo. Whatsapp or call at +1 9734209701, 437-770-3644 or email at ssjuneja@gmail.com.

## ਲੜਕੀ ਦੀ ਲੋੜ

ਕੈਨੇਡੀਅਨ ਸਿਟੀਜ਼ਨ, ਕੈਨੇਡਾ ਦੇ ਦੋ ਸੂਬਿਆਂ ਵਿਚ ਸਫ਼ਲ ਸਥਾਪਿਤ ਆਪਣਾ ਕਾਰੋਬਾਰ ਕਰਦੇ ਵੈੱਲ ਸੈਟਲਡ ਪਰਿਵਾਰ ਦੇ ਕੈਨੇਡਾ ਵਿਚ 16 ਸਾਲ ਤੋਂ ਰਹਿ ਰਹੇ ਲੜਕੇ, ਉਮਰ 32 ਸਾਲ, ਕੱਦ 5 ਫੁੱਟ, 10 ਇੰਚ, ਲਈ ਯੋਗ ਲੜਕੀ ਦੀ ਜ਼ਰੂਰਤ। ਸੰਪਰਕ ਕਰੋ: 204-510-7658 ਜਾਂ 437-881-7282

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5’9”, ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ। ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5’11’’, B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

Beautiful match, below 35yrs, for smart JatSikh boy, Canada PR, 39/5-11" BE/MBA, Highly paid job, R/U property in Canada/India, issueless divorcee, caste no bar, respond only with pics & details. **Whatsapp +16474968844 Email : matchjatt2018@gmail.com**

ਜਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਐਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5”8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

ਜੱਟ ਸਿੱਖ ਲੜਕਾ ਉਮਰ 35 ਸਾਲ ਕੱਦ 5’11” ਕਨੇਡੀਅਨ ਜਮ-ਪਲ, ਗੌਰਮਿੰਟ ਨੌਕਰੀ ਕਰਦਾ ਹੈ, ਦੇ ਵਾਸਤੇ ਲੜਕੀ ਦੀ ਲੋੜ ਹੈ।ਲੜਕੀ ਸਿੱਖ ਪਰਵਾਰ ਦੀ ਹੋਵੇ ਕੋਈ ਜਾਤ ਪਾਤ ਨਹੀਂ, ਲੜਕੀ ਪੀਆਰ ਜਾਂ ਸਟੂਡੈਂਟ ਹੋਵੇ ਤਾਂ ਵੀ ਵਿਚਾਰ ਕੀਤੀ ਜਾ ਸਕਦੀ ਹੈ।ਵਧੇਰੇ ਜਾਣਕਾਰੀ ਲਈ ਸੰਪਰਕ ਕਰੋ: (647)297-6661

## ਲੜਕੇ ਦੀ ਲੋੜ

Need suitable match for 58 years old Hindu (Khatri) lady (Non Manglik), Height 5’3”. Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5’4” tall, has a bachelor’s degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5’1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com

(905)793-2202
You can Place Your Business Here
To Reach Wider Audience
For more info Call 905-793-2202 or e-mail ads@punjabipost.ca

## ਲੜਕੇ ਦੀ ਲੋੜ

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿੱਖ 1996/5’-3”, ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ:9478403300

ਕੈਨੇਡਾ ਪੀ ਆਰ ਲੜਕੀ ਨਾਈ ਸਿੱਖ /ਲੱਖਣਪਾਲ ਲਈ ਸ਼ੁਧ ਵੈਸ਼ਨੂੰ ਵਰ ਦੀ ਲੋੜ। ਤਰਜੀਹ ਕੈਨੇਡਾ। ਜਨਮ 13/12/1991, ਕੱਦ 5'7", ਭਾਰਤ ਤੋਂ M.Com ਅਤੇ ਕੈਨੇਡਾ ਤੋ ਪੋਸਟ ਗਰੈਡ ਡਿਪਲੋਮਾ HRM ਇੱਕ ਭੈਣ ਤੇ ਇੱਕ ਭਰਾ ਵਿਆਹੇ ਦੋਵੇ ਕੈਨੇਡਾ PR ਫੋਨ +12049148700 +919569557850

ਜੱਟ ਸਿਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5’11’’ ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5’2” ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664

ਜੱਟ ਸਿੱਖ ਲੜਕੀ, ਉਮਰ 33 ਸਾਲ, ਕੱਦ 5 ਫੁੱਟ 4 ਇੰਚ, ਇੰਡੀਆ ਤੋਂ MBA ਅਤੇ ਕੈਨੇਡਾ ਤੋਂ Marketing Management, Food Media ਦੀ ਪੜ੍ਹਾਈ ਕੀਤੀ ਹੋਈ ਹੈ। ਇੱਥੇ Health Care Screener ਦੇ ਤੌਰ ’ਤੇ ਕੰਮ ਕਰਦੀ ਹੈ, ਲਈ ਕੈਨੇਡੀਅਨ ਜਾਂ ਅਮਰੀਕਨ PR/Citizen ਲੜਕੇ ਦੀ ਲੋੜ ਹੈ। ਸੰਪਰਕ: 437-332-8422 E-mail : puneetasra17october@gmail.com

Visions of Punjab
VISION ZOOMERTV
Airs Across Canada
Every Saturday
1:00 pm to 1:30 pm EST
10:00 am to 10:30 am PST
Mahal Entertainment Inc.
Natasha Mahal
Co-Host
Iqbal Mahal
Producer & Host
Serving the South Asian Community Since 1976

A-One Drivers TRAINING SCHOOL
G2, G ਦੀ ਹਿੰਦੀ, ਪੰਜਾਬੀ ਉਰਦੂ, ਅੰਗਰੇਜੀ ਭਾਸ਼ਾਵਾਂ ਦੇ ਵਿੱਚ ਪ੍ਰੋਫੈਸ਼ਨਲ ਤਰੀਕੇ ਨਾਲ ਟਰੇਨਿੰਗ ਦਿੱਤੀ ਜਾਂਦੀ ਹੈ
ਨਰਵਸ ਡਰਾਈਵਰ ਹੋ ਜਾਂ ਬਾਰ ਬਾਰ ਫੇਲ ਹੋਣ ਤੋਂ ਬਚਣ ਲਈ ਕਾਲ ਕਰ ਸਕਦੇ ਹੋ
] ਮੁਫਤ ਪਿਕਅਪ ਅਤੇ ਡਰਾਪ ਆਫ਼
] ਫੁੱਲ ਕੋਰਸ ਨਾਲ ਇੰਸ਼ੋਰੈਂਸ ਡਿਸਕਾਊਂਟ ਸਰਟੀਫਿਕੇਟ
] ਬਰੈਂਪਟਨ, ਮਿਸੀਸਾਗਾ ਦੇ ਇਲਾਕੇ ਵਿੱਚ ਸੇਵਾਵਾਂ
] ਵਾਜਿਬ ਕੀਮਤ
ਫਰੀ ਪਿਕਅਪ
Best Rates For Lessons
ਲੇਡੀਜ਼ ਇੰਸਟ੍ਰਕਟਰ
647-998-7500 ਬਲਵਿੰਦਰ

STARLANE PAINTING
Residential • Commercial • Industrial
• Hotel • Motel • Exterior
• Interior • Spray Painting
• Office Painting • Drywall Fixing
ਘਰ ਹੋਵੇ ਜਾਂ ਹੋਵੇ ਦੁਕਾਨ ਅਸੀ ਵਧਾਈਏ ਰੰਗਾਂ ਨਾਲ ਉਸ ਦੀ ਸ਼ਾਨ
7 Days A Week
Call For FREE Estimate
ਹਰ ਤਰ੍ਹਾਂ ਦੀ ਵਧੀਆਂ ਪੇਂਟਿੰਗ ਲਈ 20 ਸਾਲਾਂ ਤੋ ਵੀ ਵੱਧ ਤਜਰਬੇਕਾਰ ਹਰਜੀਤ ਨੂੰ ਕਾਲ ਕਰੋ
416.230.4000 • 647.409.1092
www.STARLANEPAINTING.com
ਹਰਜੀਤ ਧਨੋਆ

ਸੈਲ ਐਂਡ ਫਿਕਸ
ਟ੍ਰਕ ਡਰਾਇਵਰਾਂ ਤੇ ਸਟੂਡੈਂਟਾਂ ਲਈ ਧਮਾਕੇਦਾਰ ਤੇ ਸਸਤੇ ਫੋਨ ਪਲੈਨ।
ਫੋਨ: 905-790-9999
2565 Steeles Ave E unit 3, Brampton, ON L6T 4L6

# ਮੁੱਖ ਮੰਤਰੀ ਵੱਲੋਂ ਗੈਂਗਸਟਰ ਅੰਸਾਰੀ ਦੀ ਆਰਾਮਦਾਇਕ ਠਹਿਰ ਦਾ ਖਰਚ ਕੈਪਟਨ ਤੇ ਰੰਧਾਵਾ ਤੋਂ ਵਸੂਲਣ ਦਾ ਐਲਾਨ

*** ਸੂਬਾ ਸਰਕਾਰ ਖਰਚਾ ਰਾਸ਼ੀ ਕਰਦਾਤਾਵਾਂ ਦੇ ਪੈਸੇ ਨਾਲ ਅਦਾ ਨਹੀਂ ਕਰੇਗੀ * ਰਾਸ਼ੀ ਨਾ ਦੇਣ 'ਤੇ ਕੈਪਟਨ ਅਤੇ ਰੰਧਾਵਾ ਦੀ ਪੈਨਸ਼ਨ ਅਤੇ ਹੋਰ ਲਾਭ ਬੰਦ ਕੀਤੇ ਜਾਣਗੇ**

ਚੰਡੀਗੜ੍ਹ, 02 ਜੁਲਾਈ (ਪੋਸਟ ਬਿਊਰੋ): ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਅੱਜ ਸਪੱਸਟ ਸਬਦਾਂ ਵਿੱਚ ਕਿਹਾ ਕਿ ਸੂਬੇ ਦੀਆਂ ਜੇਲ੍ਹਾਂ ਵਿੱਚ ਖਤਰਨਾਕ ਅਪਰਾਧੀ ਮੁਖਤਾਰ ਅੰਸਾਰੀ ਦੇ ਆਰਾਮਪ੍ਰਸਤੀ ਠਹਿਰਾਅ 'ਤੇ ਖਰਚੇ ਗਏ 55 ਲੱਖ ਰੁਪਏ ਸੂਬਾ ਸਰਕਾਰ ਅਦਾ ਨਹੀਂ ਕਰੇਗੀ ਅਤੇ ਇਹ ਪੈਸਾ ਸਾਬਕਾ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਅਤੇ ਸਾਬਕਾ ਉਪ ਮੁੱਖ ਮੰਤਰੀ ਸੁਖਜਿੰਦਰ ਸਿੰਘ ਰੰਧਾਵਾ ਤੋਂ ਵਸੂਲ ਕੀਤਾ ਜਾਵੇਗਾ।



ਇੱਥੇ ਜਾਰੀ ਇੱਕ ਬਿਆਨ ਵਿੱਚ ਮੁੱਖ ਮੰਤਰੀ ਨੇ ਕਿਹਾ ਕਿ ਇਹ ਸੂਬੇ ਅਤੇ ਇਸ ਦੇ ਲੋਕਾਂ ਵਿਰੁੱਧ ਇੱਕ ਗੰਭੀਰ ਅਪਰਾਧ ਹੈ ਅਤੇ ਇਸ ਵਿੱਚ ਸਾਮਲ ਲੋਕਾਂ ਨੂੰ ਇਸ ਦਾ ਖਮਿਆਜਾ ਭੁਗਤਣਾ ਪਵੇਗਾ। ਉਨ੍ਹਾਂ ਕਿਹਾ ਕਿ ਕੈਪਟਨ ਅਤੇ ਰੰਧਾਵਾ, ਦੋਵਾਂ ਨੇ ਬਦਨਾਮ ਗੈਂਗਸਟਰ ਨੂੰ ਪੰਜਾਬ ਦੀਆਂ ਜੇਲ੍ਹਾਂ ਵਿਚ ਐਸਪ੍ਰਸਤੀ ਨਾਲ ਰਹਿਣ ਦੀ ਖੁੱਲ੍ਹ ਦਿੱਤੀ ਜਿਸ ਦੇ ਕਾਰਨ ਉਹ ਬਿਹਤਰ ਢੰਗ ਨਾਲ ਜਾਣਦੇ ਹੋਣਗੇ। ਭਗਵੰਤ ਮਾਨ ਨੇ ਕਿਹਾ ਕਿ ਸੂਬਾ ਸਰਕਾਰ ਕਰਦਾਤਾਵਾਂ ਦਾ ਪੈਸਾ ਇਸ ਤਰ੍ਹਾਂ ਬਰਬਾਦ ਕਿਉਂ ਹੋਣ ਦੇਵੇ ਜਦਕਿ ਉਸ ਸਮੇਂ ਸੱਤਾ 'ਚ ਰਹਿਣ ਵਾਲਿਆਂ ਨੇ ਅੰਸਾਰੀ ਨਾਲ ਆਪਣੀ ਸਾਂਝ-ਭਿਆਲੀ ਪੁਗਾਈ ਸੀ।

ਮੁੱਖ ਮੰਤਰੀ ਨੇ ਕਿਹਾ ਕਿ ਹੈਰਾਨੀ ਦੀ ਗੱਲ ਹੈ ਕਿ ਉਸ ਸਮੇਂ ਦੀ ਸਰਕਾਰ ਨੇ ਰੋਪੜ ਜੇਲ੍ਹ ਵਿੱਚ ਬੰਦ ਇਸ ਅਪਰਾਧੀ ਦੇ ਹਿੱਤ ਮਹਿਫੂਜ ਰੱਖਣ ਲਈ ਟੈਕਸ ਭਰਨ ਵਾਲਿਆਂ ਦੇ 55 ਲੱਖ ਰੁਪਏ ਖਰਚ ਕੀਤੇ ਸਨ। ਭਗਵੰਤ ਮਾਨ ਨੇ ਕਿਹਾ ਕਿ ਲੋਕਾਂ ਦੇ ਪੈਸੇ ਦੀ ਬੇਰਹਿਮੀ ਨਾਲ ਕੀਤੀ ਜਾਣ ਵਾਲੀ ਅਜਿਹੀ ਲੁੱਟ ਪੂਰੀ ਤਰ੍ਹਾਂ ਗੈਰਵਾਜਬ ਹੈ। ਉਨ੍ਹਾਂ ਕਿਹਾ ਕਿ ਆਮ ਲੋਕਾਂ ਦੇ ਪੈਸੇ ਦੀ ਸਰੇਆਮ ਲੁੱਟ ਨੂੰ ਕਿਸੇ ਵੀ ਕੀਮਤ 'ਤੇ ਬਰਦਾਸਤ ਨਹੀਂ ਕੀਤਾ ਜਾ ਸਕਦਾ। ਉਨ੍ਹਾਂ ਕਿਹਾ ਕਿ ਕੈਪਟਨ ਅਤੇ ਰੰਧਾਵਾ ਨੂੰ ਇਹ ਪੈਸਾ ਆਪਣੀ ਜੇਬ ਵਿੱਚੋਂ ਭਰਨਾ ਪਵੇਗਾ ਨਹੀਂ ਤਾਂ ਇਸ ਰਾਸੀ ਦੀ ਵਸੂਲੀ ਲਈ ਉਨ੍ਹਾਂ ਦੀਆਂ ਪੈਨਸਨਾਂ ਅਤੇ ਹੋਰ ਲਾਭ ਬੰਦ ਕਰ ਦਿੱਤੇ ਜਾਣਗੇ। ਮੁੱਖ ਮੰਤਰੀ ਨੇ ਕਿਹਾ ਕਿ ਇਸ ਘਿਨਾਉਣੇ ਅਪਰਾਧ ਵਿੱਚ ਸਾਮਲ ਹਰ ਵਿਅਕਤੀ ਨੂੰ ਉਨ੍ਹਾਂ ਦੇ ਗੁਨਾਹ ਲਈ ਜਵਾਬਦੇਹ ਬਣਾਇਆ ਜਾਵੇਗਾ।

# ਸ਼ਹੀਦ-ਏ-ਆਜ਼ਮ ਭਗਤ ਸਿੰਘ ਦੇ ਸੁਪਨਿਆਂ ਨੂੰ ਸਾਕਾਰ ਕਰਨ ਲਈ ਸੁਹਿਰਦ ਤੇ ਅਣਥੱਕ ਯਤਨ ਕੀਤੇ ਜਾਣਗੇ : ਅਨੁਰਾਗ ਵਰਮਾ

ਖਟਕੜ ਕਲਾਂ, 02 ਜੁਲਾਈ (ਪੋਸਟ ਬਿਊਰੋ): ਪੰਜਾਬ ਦੇ ਮੁੱਖ ਸਕੱਤਰ ਅਨੁਰਾਗ ਵਰਮਾ ਨੇ ਐਤਵਾਰ ਨੂੰ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਦੂਰਅੰਦੇਸ਼ ਅਗਵਾਈ ਹੇਠ ਸ਼ਹੀਦ-ਏ-ਆਜ਼ਮ ਭਗਤ ਸਿੰਘ ਦੇ ਸੁਪਨਿਆਂ ਨੂੰ ਅਮਲੀ ਜਾਮਾ ਪਹਿਨਾਉਣ ਲਈ ਹਰ ਸੰਭਵ ਯਤਨ ਕੀਤੇ ਜਾਣਗੇ।





ਮਹਾਨ ਸ਼ਹੀਦ ਨੂੰ ਉਨ੍ਹਾਂ ਦੇ ਜੱਦੀ ਪਿੰਡ ਖਟਕੜ ਕਲ੍ਹਾਂ ਵਿਖੇ ਸ਼ਰਧਾ ਦੇ ਫੁੱਲ ਭੇਂਟ ਕਰਨ ਪਹੁੰਚੇ ਮੁੱਖ ਸਕੱਤਰ ਨੇ ਕਿਹਾ ਕਿ ਉਨ੍ਹਾਂ ਦਾ ਹਰ ਕਾਰਜ ਸ਼ਹੀਦ-ਏ-ਆਜ਼ਮ ਭਗਤ ਸਿੰਘ ਦੇ ਆਦਰਸ਼ਾਂ ਤੋਂ ਸੇਧ ਲੈ ਕੇ ਹੀ ਸ਼ੁਰੂ ਹੋਵੇਗਾ। ਉਨ੍ਹਾਂ ਕਿਹਾ ਕਿ ਧੰਨ ਹੈ ਇਹ ਧਰਤੀ ਜਿਸ ਨੇ ਸ਼ਹੀਦ-ਏ-ਆਜ਼ਮ ਸਰਦਾਰ ਭਗਤ ਸਿੰਘ ਵਰਗੇ ਮਹਾਨ ਯੋਧੇ ਨੂੰ ਜਨਮ ਦਿੱਤਾ। ਵਰਮਾ ਨੇ ਕਿਹਾ ਕਿ ਉਹ ਖੁਸ਼ਕਿਸਮਤ ਹਨ ਕਿ ਉਨ੍ਹਾਂ ਨੂੰ ਇਸ ਪਵਿੱਤਰ ਧਰਤੀ 'ਤੇ ਜਾ ਕੇ ਸ਼ਰਧਾਂਜਲੀ ਭੇਟ ਕਰਨ ਦਾ ਮੌਕਾ ਪ੍ਰਾਪਤ ਹੋਇਆ ਹੈ, ਜਿਨ੍ਹਾਂ ਆਪਣੀ ਜਾਨ ਦੀ ਬਾਜ਼ੀ ਲਾ ਕੇ ਕੌਮੀ ਆਜ਼ਾਦੀ ਸੰਘਰਸ਼ ਵਿੱਚ ਮਹਾਨ ਗਾਥਾ ਲਿਖੀ।

ਵਰਮਾ ਨੇ ਕਿਹਾ ਕਿ ਉਹ ਸੂਬਾ ਸਰਕਾਰ ਦੀਆਂ ਲੋਕ ਪੱਖੀ ਅਤੇ ਵਿਕਾਸ ਪੱਖੀ ਨੀਤੀਆਂ ਨੂੰ ਸੁਚੱਜੇ ਢੰਗ ਨਾਲ ਲਾਗੂ ਕਰਕੇ ਸ਼ਹੀਦ-ਏ-ਆਜ਼ਮ ਭਗਤ ਸਿੰਘ ਦੇ ਸੁਪਨਿਆਂ ਨੂੰ ਸਾਕਾਰ ਕਰਨ ਲਈ ਕੋਈ ਕਸਰ ਬਾਕੀ ਨਹੀਂ ਛੱਡਣਗੇ। ਉਨ੍ਹਾਂ ਕਿਹਾ ਕਿ ਭਾਵੇਂ ਮਹਾਨ ਸ਼ਹੀਦ ਦੇ ਬਹੁਤੇ ਸੁਪਨੇ ਪੂਰੇ ਹੋ ਚੁੱਕੇ ਹਨ ਪਰ ਅਜੇ ਵੀ ਕਈ ਸੁਪਨੇ ਬਾਕਾਇਆ ਹਨ, ਜੋ ਜਲਦ ਹੀ ਸੱਚ ਕਰ ਦਿੱਤੇ ਜਾਣਗੇ। ਉਨ੍ਹਾਂ ਕਿਹਾ ਕਿ ਸਮੁੱਚੀ ਕੌਮ ਇਸ ਲਾਸਾਨੀ ਸ਼ਹੀਦ ਦੀ ਹਮੇਸ਼ਾ ਰਿਣੀ ਰਹੇਗੀ, ਜਿਨ੍ਹਾਂ ਦੇਸ਼ ਨੂੰ ਬਰਤਾਨਵੀ ਸਾਮਰਾਜ ਦੀ ਚੁੰਗਲ ਵਿੱਚੋਂ ਛੁਡਾਉਣ ਲਈ ਮਹਿਜ਼ 23 ਸਾਲ ਦੀ ਉਮਰ ਵਿੱਚ ਆਪਣੀ ਜਾਨ ਕੁਰਬਾਨ ਕਰ ਦਿੱਤੀ ਸੀ। ਮੁੱਖ ਸਕੱਤਰ ਨੇ ਕਿਹਾ ਕਿ ਸ਼ਹੀਦ ਭਗਤ ਸਿੰਘ ਦੀ ਛੋਟੀ ਉਮਰੇ ਹੋਈ ਸ਼ਹਾਦਤ ਨੇ ਨੌਜਵਾਨਾਂ ਨੂੰ ਕੌਮੀ ਆਜ਼ਾਦੀ ਸੰਘਰਸ਼ ਵਿੱਚ ਸ਼ਾਮਲ ਹੋਣ ਲਈ ਪ੍ਰੇਰਿਆ, ਜਿਸ ਨਾਲ ਦੇਸ਼ ਆਜ਼ਾਦ ਫ਼ਿਜ਼ਾ ਵਿੱਚ ਸਾਹ ਲੈਣ ਦੇ ਯੋਗ ਬਣ ਸਕਿਆ।

URGENTLY NEED NEW LISTINGS IN BRAMPTON/CALEDON
visit: www.teamjagaujla.com
ADVERTISEMENT GUARANTEED TILL SOLD
JAG AUJLA
MCNE, REAL ESTATE BROKER
416-371-7777
e-mail: j.aujla@rogers.com or visit: www.jagaujla.com
CALL JAG AUJLA FOR A QUICK & FREE HOME EVALUATION
www.BramptonTopRealtor.com
RECENTLY LISTED/SOLD IN YOUR NEIGHBOURHOOD

SHELBURNE (Simon St /Hwy 89)
ਬਿਲਕੁਲ ਸ਼ਾਨਦਾਰ ਤੇ ਸਾਫ ਸੁਧਰਾ ਸੈਮੀ ਡਿਟੈਚ ਬੰਗਲੌ, ਸ਼ਾਤ ਕੰਮੂਨਿਟੀ ਵਿੱਚ, ਬਹੁਤ ਸਾਰੀਆਂ ਅਪਗ੍ਰੇਡਜ਼ ਤੇ 2023 ਵਿੱਚ ਹੋਈ ਰੈਨੋਵਸ਼ਨ। 3+2 ਬੈਡਰੂਮ ਤੇ 3 ਵਾਸ਼ਰੂਮ ਘਰ ਨੂੰ ਫਿਨੀਸ਼ਡ ਬੈਸਮੈਂਟ, ਪੋਟ ਲਾਇਟਸ ਆਦਿ।

CAMBRIDGE (Speedsville/Equestrian Way)
ਐਂਡ ਯੂਨਿਟ ਕਾਨ੍ਹਰ ਲਾਟ ਨੂੰ ਖੁਲ੍ਹਾ ਡੁਲ੍ਹਾ ਕਰਬ ਤੇ ਖੂਬਸੂਰਤ ਵਿਊ। 2020 ਵਿੱਚ ਬਣਿਆ, 1896 ਸਕੇਅਰ ਫੁਟ ਦਾ ਫ੍ਰੀ ਹੋਲਡ ਟਾਊਨਹੋਮ ਜਿਸ ਨੂੰ 4 ਬੈਡਰੂਮ ਤੇ 3 ਵਾਸ਼ਰੂਮ। ਲੈਮੀ-ਨੇਟਡ ਫਲੋਰ। ਹਾਈਵੇ 401, ਪਾਰਕ ਤੇ ਸਕੂਲ ਦੇ ਨੇੜੇ।

BRAMPTON (Mclaughlin / Steeles / Mavis)
ਸੋਹਣੇ ਤੇ ਸ਼ਾਨਦਾਰ ਡਿਟੈਚ ਘਰ ਨੂੰ ਬਹੁਤ ਸਾਰੀਆਂ ਅਪਗ੍ਰੇਡਜ਼। 2200 ਸਕੇਅਰ ਫੁਟ ਵਿੱਚ 4+1 ਬੈਡਰੂਮ ਤੇ 4 ਵਾਸ਼ਰੂਮ ਨੂੰ ਫਿਨੀਸ਼ਡ ਬੈਸਮੈਂਟ। ਸ਼ੈਰੀਡਨ ਕਾਲਜ ਦੇ ਨੇੜੇ ਤੇ ਹੋਰ ਵੀ ਬਹੁਤ ਕੁਝ। ਸੰਪਰਕ ਕਰੋ।

BRAMPTON (Wanless/Mclaughlin)
ਸ਼ਾਨਦਾਰ ਤੇ ਸਾਫ ਸੁਧਰਾ, 2016 ਵਿੱਚ ਬਣਿਆ 4364 ਸਕੇਅਰ ਫੁਟ ਦਾ ਡਿਟੈਚ ਘਰ 4 ਬੈਡਰੂਮ ਤੇ 5 ਵਾਸ਼ਰੂਮ ਤੇ ਨਾਲ ਹੀ ਫਿਨੀਸ਼ਡ ਬੈਸਮੈਂਟ ਜਿਸ ਨੂੰ ਸੇਪਰੈਟ ਏਂਨਟਰੈਂਸ। ਬਹੁਤ ਸਾਰੀਆਂ ਅਪਗ੍ਰੇਡਜ਼ ਤੇ ਹੋਰ ਵੀ ਬਹੁਤ ਕੁਝ।

FREE
- Full MLS services
- Consistent marketing until your property is sold
- Staging consultation
- Billboard, flyer
- Online Promotion
- Professional pictures & virtual tour
- Social media & radio advertisement
- Open house till sold
- Competitive rates, exceptional service & award winning results

RE/MAX REALTY SPECIALISTS INC.
Ph:905-456-3232
JAG AUJLA 416-371-7777
MCNE, Real Estate Broker
NOT INTENDED TO SOLICIT BUYERS OR SELLERS CURRENTLY UNDER CONTRACT

VENUE
HEART LAKE CONVERSATION PARK
SITE - LAKEMOUNT 4
Address: 10818 Heart Lake Rd,
Brampton, ON L6Z 0B3

Samrai Picnic
AUGUST 6, 2023

ਪਿੰਡ ਸਮਰਾਏ ਦੇ ਵਾਸੀਆਂ ਵਲੋਂ 6 ਅਗਸਤ ਨੂੰ ਪਿਕਨਿੱਕ

ਪਿੰਡ ਸਮਰਾਏ ਦੇ ਸਮੂਹ ਵਾਸੀਆਂ ਵਲੋਂ ਆਪਣੀ ਸਲਾਨਾ ਪਿਕਨਿਕ 06 ਅਗਸਤ ਦਿਨ ਐਤਵਾਰ ਨੂੰ ਹਾਰਟ ਲੇਕ ਕੰਜ਼ੂਵੇਸ਼ਨ ਪਾਰਕ ਵਿਖੇ ਠੀਕ ਦੁਪਿਹਰ 11 ਵਜ ਤੋਂ ਸ਼ਾਮ 6 ਵਜੇ ਤੱਕ ਮਨਾਈ ਜਾ ਰਹੀ ਹੈ । ਇਸ ਦੌਰਾਨ ਬੱਚਿਆਂ ਦੀਆਂ ਖੇਡਾਂ ਅਤੇ ਹੋਰ ਮਨੋਰੰਜਕ ਖੇਡਾਂ ਕਰਵਾਈਆਂ ਜਾਣਗੀਆਂ ਜਿਹਨਾਂ ਵਿਚ ਲੇਡੀਜ਼ ਲਈ 50 ਮੀਟਰ ਦੌੜ, ਬੋਰੀ ਰੇਸ ਅਤੇ ਤਿੰਨ ਟੰਗੀ ਰੇਸ ਵੀ ਸ਼ਾਮਲ ਹਨ । ਪ੍ਰਬੰਧਕਾਂ ਵਲੋਂ ਜੀਟੀਏ ਵਿਚ ਵੱਸਦੇ ਸਮੂਹ ਸਮਰਾਏ ਪਿੰਡ ਵਾਸੀਆਂ ਨੂੰ ਬੇਨਤੀ ਹੈ ਕਿ ਉਹ ਪਰਿਵਾਰਾਂ ਸਮੇਤ ਇਸ ਪਰਿਵਾਰਕ ਪਿਕਨਿਕ ਵਿਚ ਸ਼ਾਮਲ ਹੋਣ ਅਤੇ ਆਪਣੇ ਪਿੰਡ ਨਾਲ ਜੁੜੀਆਂ ਯਾਦਾਂ ਨੂੰ ਤਾਜਾ ਕਰਨ ।

People of Village. Samrai has organised a Picnic on **August 06, 2023, Sunday from 11 am to 6 pm.**
In the park various activities will be played such as **50 meter race, sack race, 3-legged race.**
We request you to accompany your childrens, parents, grandparents with you to recall old memories.

ਪਿਕਨਿੱਕ ਬਾਰੇ ਜਿਆਦਾ ਜਾਣਕਾਰੀ ਲਈ ਸੁਰਜੀਤ ਸਮਰਾ 289-828-2117, ਅਮਰਜੀਤ ਸਮਰਾ 416-939-8292 ਜਾਂ ਮੋਹਿੰਦਰ ਸਮਰਾ 416-271-8477 ਨੂੰ ਸੰਪ੍ਰਕ ਕੀਤਾ ਜਾ ਸਕਦਾ ਹੈ।

Grand Upholstery Ltd
Sofa Company Originality in Every Piece
Special on Sale
- ਪੁਰਾਣੇ ਸੋਫਿਆਂ ਦੀ ਮੁਰੰਮਤ ਵੀ ਕੀਤੀ ਜਾਂਦੀ ਹੈ
- ਟੌਪ ਕੁਆਲਿਟੀ ਦੀ ਫੋਮ ਅਤੇ ਸਪਰਿੰਗ ਵਰਤੇ ਜਾਂਦੇ ਹਨ।
- ਆਪਣੀ ਮਨਪਸੰਦ ਦਾ ਕੋਈ ਵੀ L Shape ਡਿਜਾਇਨ ਅਤੇ ਰੰਗ ਚੁਣ ਸਕਦੇ ਹੋ।
- ਕੱਪੜਾ ਚਾੜ ਕੇ ਪੁਰਾਣਾ ਸੋਫ਼ਾ, ਡਾਇਨਿੰਗ ਚੇਅਰ ਨੂੰ ਨਵਿਆਂ ਵਰਗਾ ਬਣਾਉਂਦੇ ਹਾਂ
ਆਰਡਰ ਦੇ ਕੇ ਨਵੇਂ ਸੋਫੇ ਦੂਜੇ ਸਟੋਰਾਂ ਨਾਲੋ ਘੱਟ ਕੀਮਤ ਉੱਤੇ ਵੀ ਲੈ ਸਕਦੇ ਹੋ
ਕੁਆਲਿਟੀ ਮੂੰਹੋਂ ਬੋਲਦੀ ਹੈ
Tel: 905.791.2888 Cell: 647.293.3212
2053 Williams Pkwy, Unit -45, Brampton | Email: grandupholstery@gmail.com

REXDALE BODY SHOP
USED CAR SALE
Specialization In:
- All Kinds of Body Work
- Auto Glass Windshield
- Denting, Painting & Welding
SPECIAL PAINT JOB $779
RENTAL CAR PROVIDED
ਅਸੀਂ ਸਾਰੇ ਇੰਸ਼ੋਰੈਂਸ ਕੰਪਨੀ ਨੂੰ ਕਵਰ ਕਰਦੇ ਹਾਂ
25 years of Canadian Experience
OPEN MON - SAT 9AM TO 7PM
CHEEMA
LOWEST PRICE IN TOWN
Call Rick or Manminder Cheema: 416.749.9596 /416.951.6431
Towing Service Car Paint Starts $799*upto 100% Deductible Paid*
30 Racine Rd. Toronto, ON, M9W 2Z3, FAX: 416.749.9597
www.AAABODYSHOP.ca
mcheemaaaa@hotmail.com







FRESH & LARGE VARIETY
Bread, Dairy & Eggs
Branded Foods
Fruits & Vegetables
Beverages & Confectionery
Grocery & Staples
Sweet & Samosas

**SERVING FROM ALL LOCATIONS IN GTA AREA:**

10 Westmore Drive
Etobicoke ON M9V-3Z7
416-740-3262

21 Lacoste Blvd,
Brampton, ON L6P 2K2
905 794-8109

621 Wanless drive, # 122
Brampton ON L7A 0A9
905-495-3336

1075 Ceremonial Drive
Mississauga ON L5R 2Z4
905-502-1600

80 Pertosa Drive
Brampton ON L5X-5E9
905-460-0009

10510 Torbram Road,
Brampton
905-790-0030

2120 North park Drive
Brampton ON L6S 0C9
905-793-1338

10 Pannahill Dr,
Brampton
905 913-8017